People's Herald



Rs- 160/month

# "ਇਕੁਐਲਿਟੀ ਐਂਡ ਜਸਟਿਸ"

https://www.facebook.com/profile.php?id=161037521061610

ਪਟਿਆਲਾ

"Equality and Justice"

स्वतंत्रता, समानता, भाईचारा

People's Herald



PATIALA　On line paper　11 ਜਨਵਰੀ 2026 ਐਤਵਾਰ "ਰੋਜ਼ਾਨਾ" ਪੰਜਵਾ ਸਾਲ　w.e.f. 15 August 2022　ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay 91-9463601616　HARDIP SINGH　STATE BANK OF INDIA　ACCT NO-10566643658 . IFSC- SBIN0050773

## ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬਠਿੰਡਾ ਨੂੰ 90 ਕਰੋੜ ਰੁਪਏ ਦੇ ਬੁਨਿਆਦੀ ਢਾਂਚੇ ਦਾ ਤੋਹਫ਼ਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਬਠਿੰਡਾ ਦੇ ਵਸਨੀਕਾਂ ਲਈ ਲਗਭਗ 90 ਕਰੋੜ ਰੁਪਏ ਦੇ ਵੱਡੇ ਬੁਨਿਆਦੀ ਢਾਂਚੇ ਦਾ ਤੋਹਫ਼ੇ ਦਿੱਤਾ ਹੈ, ਜਿਸ ਤਹਿਤ ਮੁੜ ਨਿਰਮਾਣ ਕੀਤਾ ਮੁਲਤਾਨੀਆ ਰੇਲਵੇ ਓਵਰ ਬ੍ਰਿਜ (ਆਰ.ਓ.ਬੀ.) ਜਨਤਾ ਨੂੰ ਸਮਰਪਿਤ ਕੀਤਾ ਗਿਆ ਅਤੇ ਜਨਤਾ ਨਗਰ ਵਿਖੇ ਇੱਕ ਨਵੇਂ ਰੇਲਵੇ ਓਵਰ ਬ੍ਰਿਜ ਦੇ ਨਿਰਮਾਣ ਨੂੰ ਪ੍ਰਵਾਨਗੀ ਦਿੱਤੀ ਗਈ। ਦੋਵਾਂ ਪ੍ਰੋਜੈਕਟਾਂ ਦਾ ਉਦੇਸ਼ ਸ਼ਹਿਰ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਟ੍ਰੈਫਿਕ ਸਮੱਸਿਆਵਾਂ ਨੂੰ ਹੱਲ ਕਰਨਾ ਹੈ।




ਮੁਲਤਾਨੀਆ ਆਰ.ਓ.ਬੀ. ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਦਘਾਟਨ ਵਿੱਚ ਸ਼ਾਮਲ ਹੋਏ ਨਿਵਾਸੀਆਂ ਦਾ ਨਿੱਘਾ ਸਵਾਗਤ ਕੀਤਾ ਅਤੇ ਕਿਹਾ ਕਿ ਪੰਜਾਬ ਦਾ ਇੱਕ ਮਹੱਤਵਪੂਰਨ ਰੇਲਵੇ ਜੰਕਸ਼ਨ ਹੋਣ ਕਰਕੇ, ਬਠਿੰਡਾ ਵਿੱਚੋਂ ਕਈ ਰੇਲਵੇ ਲਾਈਨਾਂ ਲੰਘਦੀਆਂ ਹਨ ਅਤੇ ਇਹ ਲਾਈਨਾਂ ਸ਼ਹਿਰ ਨੂੰ ਵੱਖ-ਵੱਖ ਹਿੱਸਿਆਂ ਵਿੱਚ ਵੰਡਦੀਆਂ ਹਨ। ਉਨ੍ਹਾਂ ਕਿਹਾ, "ਅੰਬਾਲਾ, ਦਿੱਲੀ, ਸਿਰਸਾ ਅਤੇ ਬੀਕਾਨੇਰ ਰੇਲਵੇ ਲਾਈਨਾਂ ਉੱਤੇ ਬਣਿਆ ਮੁਲਤਾਨੀਆ ਪੁਲ, ਬਠਿੰਡਾ ਦੇ ਵੰਡੇ ਹੋਏ ਹਿੱਸਿਆਂ ਨੂੰ ਆਪਸ ਵਿੱਚ ਜੋੜਨ 'ਚ ਅਹਿਮ ਭੂਮਿਕਾ ਨਿਭਾਉਂਦਾ ਹੈ।"

ਮੁੱਖ ਮੰਤਰੀ ਨੇ ਕਿਹਾ ਕਿ ਇਹ ਪੁਲ ਲਗਭਗ 35 ਸਾਲ ਪੁਰਾਣਾ ਸੀ ਅਤੇ ਸ਼ਹਿਰ ਦੀਆਂ ਆਵਾਜਾਈ ਸਬੰਧੀ ਮੌਜੂਦਾ ਜ਼ਰੂਰਤਾਂ ਲਈ ਢੁੱਕਵਾਂ ਨਹੀਂ ਸੀ। ਮੁੱਖ ਮੰਤਰੀ ਨੇ ਕਿਹਾ, "ਸਿਰਫ਼ 23 ਫੁੱਟ ਦੇ ਤੰਗ ਰਸਤੇ ਅਤੇ ਸਰਵਿਸ ਰੋਡ ਦੀ ਨਾਕਾਫ਼ੀ ਚੌੜਾਈ ਕਾਰਨ ਪੁਰਾਣਾ ਪੁਲ ਵਧ ਰਹੀ ਆਵਾਜਾਈ ਲਈ ਢੁਕਵਾਂ ਨਹੀਂ ਸੀ।" ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਸਕੂਲ ਵੈਨਾਂ, ਵਪਾਰੀਆਂ, ਐਂਬੂਲੈਂਸਾਂ ਅਤੇ ਭਾਰੀ ਵਾਹਨਾਂ ਨੂੰ ਕਾਫ਼ੀ ਅਸੁਵਿਧਾ ਦਾ ਸਾਹਮਣਾ ਕਰਨਾ ਪੈਂਦਾ ਸੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੁਲ ਦੀ ਪੁਰਾਣੀ ਅਤੇ ਖਸਤਾ ਹਾਲਤ ਕਾਰਨ, ਬਰਸਾਤ ਦੇ ਮੌਸਮ ਦੌਰਾਨ ਮਿੱਟੀ ਦੀ ਖਾਰ ਕਾਰਨ ਇਸ ਪੁਲ ਵਿੱਚ ਅਕਸਰ ਟੋਏ ਪੈ ਜਾਂਦੇ ਸਨ, ਜਿਸ ਕਾਰਨ ਮਾਨਸੂਨ ਦੌਰਾਨ ਇਸ ਨੂੰ ਅਸਥਾਈ ਤੌਰ 'ਤੇ ਬੰਦ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ, "ਲੰਬੇ ਸਮੇਂ ਤੋਂ ਸ਼ਹਿਰ ਦੇ ਵਸਨੀਕ ਇਸ ਰੇਲਵੇ ਓਵਰ ਬ੍ਰਿਜ ਦੇ ਮੁੜ ਨਿਰਮਾਣ ਦੀ ਮੰਗ ਕਰ ਰਹੇ ਸਨ। ਇਨ੍ਹਾਂ ਸਮੱਸਿਆਵਾਂ ਨੂੰ ਧਿਆਨ ਵਿੱਚ ਰੱਖਦਿਆਂ ਸੂਬਾ ਸਰਕਾਰ ਵੱਲੋਂ ਪੁਰਾਣੇ ਪੁਲ ਦੀਆਂ ਪਹੁੰਚਾਂ ਨੂੰ ਢਾਹ ਕੇ ਮੌਜੂਦਾ ਥੰਮ੍ਹਾਂ 'ਤੇ ਨਵਾਂ ਪੁਲ ਬਣਾਉਣ ਦਾ ਫੈਸਲਾ ਕੀਤਾ ਗਿਆ।"

ਖਬਰ ਦਾ ਬਾਕੀ ਭਾਗ ਅਗਲੇ ਪੇਜ਼ ਤੇ

## ਟਰੰਪ ਵੱਲੋਂ ਗ੍ਰੀਨਲੈਂਡ 'ਤੇ ਕਬਜ਼ਾ ਕਰਨ ਦੀ ਟਿੱਪਣੀ ਨਾਲ ਅੰਤਰਰਾਸ਼ਟਰੀ ਵਿਵਾਦ ਤੇਜ਼

### ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਿਹਾ ਕਿ ਉਨ੍ਹਾਂ ਦੇ ਗਵਰਨਰ ਜਨਰਲ ਅਤੇ ਵਿਦੇਸ਼ ਮੰਤਰੀ ਫਰਵਰੀ ਦੇ ਸ਼ੁਰੂ ਵਿੱਚ ਗਰੀਨਲੈਂਡ ਦਾ ਦੌਰਾ ਕਰਨਗੇ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com

ਅਮਰੀਕਾ ਦੇ ਮੌਜੂਦਾ ਰਾਸ਼ਟਰਪਤੀ Donald Trump ਵੱਲੋਂ ਗ੍ਰੀਨਲੈਂਡ ਨੂੰ ਅਮਰੀਕਾ ਦੇ ਅਧੀਨ ਲਿਆਂਦੇ ਜਾਣ ਸਬੰਧੀ ਕੀਤੀ ਟਿੱਪਣੀ ਨੇ ਅੰਤਰਰਾਸ਼ਟਰੀ ਪੱਧਰ 'ਤੇ ਨਵਾਂ ਵਿਵਾਦ ਖੜ੍ਹਾ ਕਰ ਦਿੱਤਾ ਹੈ। ਟਰੰਪ ਦੇ ਇਸ ਬਿਆਨ ਨੂੰ ਕਈ ਦੇਸ਼ਾਂ ਅਤੇ ਵਿਦੇਸ਼ ਨੀਤੀ ਦੇ ਮਾਹਿਰਾਂ ਨੇ ਸੰਪ੍ਰਭੂਤਾ ਅਤੇ ਅੰਤਰਰਾਸ਼ਟਰੀ ਕਾਨੂੰਨਾਂ ਦੇ ਉਲੰਘਣ ਵਜੋਂ ਵੇਖਿਆ ਹੈ।

ਗ੍ਰੀਨਲੈਂਡ ਡੈਨਮਾਰਕ ਦੇ ਅਧੀਨ ਇੱਕ ਸਵਾਇੱਤ ਖੇਤਰ ਹੈ, ਜਿਸ ਦੀ ਆਪਣੀ ਸਰਕਾਰ ਅਤੇ ਸੰਸਦ ਹੈ। ਗ੍ਰੀਨਲੈਂਡ



ਅਤੇ ਡੈਨਮਾਰਕ ਦੇ ਨੇਤਾਵਾਂ ਨੇ ਟਰੰਪ ਦੇ ਬਿਆਨ 'ਤੇ ਸਖ਼ਤ ਪ੍ਰਤੀਕਿਰਿਆ ਦਿੰਦਿਆਂ ਸਾਫ਼ ਕੀਤਾ ਹੈ ਕਿ "ਗ੍ਰੀਨਲੈਂਡ ਵਿਕਰੀ ਲਈ ਨਹੀਂ ਹੈ" ਅਤੇ ਇਸ ਦੀ ਧਰਤੀ ਬਾਰੇ ਕੋਈ ਵੀ ਫੈਸਲਾ ਉੱਥੋਂ ਦੇ ਲੋਕਾਂ ਦੀ ਇੱਛਾ ਦੇ ਅਧਾਰ 'ਤੇ ਹੀ ਹੋ ਸਕਦਾ ਹੈ। ਡੈਨਮਾਰਕ ਸਰਕਾਰ ਨੇ ਵੀ ਦੋ ਟੂਕ ਕਿਹਾ ਹੈ ਕਿ ਕਿਸੇ ਵੀ ਦੇਸ਼ ਦੀ ਭੂਮਿ ਨੂੰ ਖਰੀਦਣ ਜਾਂ ਕਬਜ਼ੇ ਦੀ ਗੱਲ ਕਰਨਾ ਅਸਵੀਕਾਰਯੋਗ ਹੈ।

ਅੰਤਰਰਾਸ਼ਟਰੀ ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਆਰਕਟਿਕ ਖੇਤਰ ਵਿੱਚ ਗ੍ਰੀਨਲੈਂਡ ਦੀ ਰਣਨੀਤਿਕ ਮਹੱਤਤਾ ਕਾਫ਼ੀ ਵਧ ਗਈ ਹੈ। ਇੱਥੇ ਮੌਜੂਦ ਖਣਿਜ ਸੰਸਾਧਨ, ਬਰਫ਼ ਹੇਠਾਂ ਲੁਕਿਆ ਤੇਲ-ਗੈਸ ਅਤੇ ਫੌਜੀ ਦ੍ਰਿਸ਼ਟੀਕੋਣ ਤੋਂ ਇਸ ਦੀ ਸਥਿਤੀ ਵੱਡੀਆਂ ਤਾਕਤਾਂ ਨੂੰ ਆਕਰਸ਼ਿਤ ਕਰ ਰਹੀ ਹੈ। ਇਸੇ ਕਾਰਨ ਅਮਰੀਕਾ, ਰੂਸ ਅਤੇ ਚੀਨ ਵਰਗੇ ਦੇਸ਼ ਆਰਕਟਿਕ ਖੇਤਰ ਵਿੱਚ ਆਪਣੀ ਮੌਜੂਦਗੀ ਵਧਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਟਰੰਪ ਦੇ ਬਿਆਨ ਨਾਲ ਅਮਰੀਕਾ–ਡੈਨਮਾਰਕ ਸੰਬੰਧਾਂ 'ਚ ਤਣਾਅ ਪੈਦਾ ਹੋਣ ਦੇ ਨਾਲ-ਨਾਲ ਆਰਕਟਿਕ ਖੇਤਰ ਦੀ ਸਥਿਰਤਾ 'ਤੇ ਵੀ ਸਵਾਲ ਖੜ੍ਹੇ ਹੋ ਗਏ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਅਜਿਹੀਆਂ ਟਿੱਪਣੀਆਂ ਕੂਟਨੀਤਿਕ ਸੰਵਾਦ ਨੂੰ ਨੁਕਸਾਨ ਪਹੁੰਚਾ ਸਕਦੀਆਂ ਹਨ ਅਤੇ ਅੰਤਰਰਾਸ਼ਟਰੀ ਸਹਿਮਤੀਆਂ ਦੀ ਅਹਿਮੀਅਤ ਨੂੰ ਘਟਾਉਂਦੀਆਂ ਹਨ।

## 'ਆਪ' ਵੱਲੋਂ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਦੇ ਘਰ ਨੇੜੇ ਪ੍ਰਦਰਸ਼ਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com

ਆਮ ਆਦਮੀ ਪਾਰਟੀ ਵੱਲੋਂ ਅੱਜ ਪਠਾਨਕੋਟ ਦੇ ਵਿਧਾਇਕ ਤੇ ਭਾਜਪਾ ਦੇ ਪ੍ਰਦੇਸ਼ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਦੇ ਘਰ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਗਿਆ ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਅਮਨਦੀਪ ਸਿੰਘ ਸੰਧੂ, ਹਲਕਾ ਪ੍ਰਧਾਨ ਅਮਿਤ ਸਿੰਘ ਮੰਟੂ, ਚੇਅਰਮੈਨ ਵਿਕਾਸ ਸੈਣੀ ਤੇ ਸੌਰਭ ਬਹਿਲ, ਅਦਿੱਤਿਆ ਸ਼ਰਮਾ, ਜ਼ਿਲ੍ਹਾ ਪਰਿਸ਼ਦ ਮੈਂਬਰ ਸਹਿਬ ਸਿੰਘ ਸਾਬਾ, ਮਿੱਠੂ, ਸੁਰਿੰਦਰ ਮਨਹਾਸ ਆਦਿ ਆਗੂ ਹਾਜ਼ਰ ਸਨ। ਪੁਲੀਸ ਨੇ 'ਆਪ' ਪਾਰਟੀ ਦੇ ਆਗੂਆਂ ਨੂੰ ਰੋਕਣ ਲਈ



ਪਹਿਲਾਂ ਹੀ ਨਾਕਾਬੰਦੀ ਕਰ ਦਿੱਤੀ ਸੀ, ਜਿਸ ਨਾਲ ਉਨ੍ਹਾਂ ਨੂੰ ਅਸ਼ਵਨੀ ਸ਼ਰਮਾ ਦੀ ਰਿਹਾਇਸ਼ ਤੱਕ ਪਹੁੰਚਣ ਤੋਂ ਰੋਕ ਦਿੱਤਾ ਗਿਆ ਜਿਸ ਕਰਕੇ ਉਥੇ ਹੀ ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਸ਼ਵਨੀ ਸ਼ਰਮਾ ਵਿਰੁੱਧ ਨਾਅਰੇਬਾਜ਼ੀ ਕਰਕੇ ਆਪਣਾ ਗੁੱਸਾ ਕੱਢਿਆ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਮਨਦੀਪ ਸਿੰਘ ਸੰਧੂ ਅਤੇ ਅਮਿਤ ਸਿੰਘ ਮੰਟੂ ਨੇ ਕਿਹਾ ਕਿ ਭਾਜਪਾ ਦਾ ਪਾਰਟੀ ਵਿਰੁੱਧ ਕੋਈ ਮੁੱਦਾ ਨਹੀਂ ਹੈ ਅਤੇ ਉਹ ਜਨਤਾ ਨੂੰ ਗੁੰਮਰਾਹ ਕਰਨ ਲਈ ਸਿਰਫ਼ ਮਨਘੜਤ ਕਹਾਣੀਆਂ ਘੜ ਰਹੀ ਹੈ। ਭਾਜਪਾ ਅਤੇ ਕਾਂਗਰਸ ਝੂਠੇ ਵੀਡੀਓਜ਼ ਨੂੰ ਐਡਿਟ ਕਰਨ ਅਤੇ ਸੋਸ਼ਲ ਮੀਡੀਆ 'ਤੇ 'ਆਪ' ਦੀ ਦਿੱਲੀ ਦੀ ਮੁੱਖ ਮੰਤਰੀ ਅਤੇ ਆਗੂਆਂ ਵਿਰੁੱਧ ਝੂਠੇ ਸੁਨੇਹੇ ਫੈਲਾਉਣ ਲਈ ਏਆਈ ਦੀ ਵਰਤੋਂ ਕਰ ਰਹੇ ਹਨ। ਇਸ ਦੀ ਪੂਰੀ ਜਾਂਚ ਕੀਤੀ ਜਾਣੀ ਚਾਹੀਦੀ ਹੈ ਅਤੇ ਵੀਡੀਓਜ਼ ਵਾਇਰਲ ਕਰਨ ਵਾਲਿਆਂ ਵਿਰੁੱਧ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਭਾਜਪਾ ਸਰਕਾਰ ਗਲਤ ਰਾਜਨੀਤੀ ਦਾ ਸਹਾਰਾ ਲੈ ਰਹੀ ਹੈ ਅਤੇ ਇਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਦੋਂ ਤੱਕ ਭਾਜਪਾ ਅਜਿਹੀ ਰਾਜਨੀਤੀ ਕਰਨਾ ਬੰਦ ਨਹੀਂ ਕਰਦੀ ਅਤੇ ਮੁਆਫ਼ੀ ਨਹੀਂ ਮੰਗਦੀ, ਉਦੋਂ ਤੱਕ 'ਆਪ' ਪਾਰਟੀ ਵਿਰੋਧ ਪ੍ਰਦਰਸ਼ਨ ਕਰਦੀ ਰਹੇਗੀ। ਕਰੀਬ ਦੋ ਘੰਟੇ ਬਾਅਦ 'ਆਪ' ਆਗੂਆਂ ਨੇ ਆਪਣਾ ਵਿਰੋਧ ਪ੍ਰਦਰਸ਼ਨ ਸਮਾਪਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁਲੀਸ ਮੁਲਾਜ਼ਮ ਹਾਜ਼ਰ ਸਨ।

## ਪੁਲੀਸ ਵੱਲੋਂ ਅਣਪਛਾਤੇ ਈਡੀ (ED) ਅਧਿਕਾਰੀਆਂ ਵਿਰੁੱਧ ਜਾਂਚ ਸ਼ੁਰੂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com

ਕੋਲਕਾਤਾ ਪੁਲੀਸ ਨੇ ਸ਼ਨਿਚਰਵਾਰ ਨੂੰ ਐਨਫੋਰਸਮੈਂਟ ਡਾਇਰੈਕਟੋਰੇਟ (ED) ਦੇ ਉਨ੍ਹਾਂ ਅਧਿਕਾਰੀਆਂ ਦੀ ਪਛਾਣ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ ਜੋ ਕਥਿਤ ਤੌਰ 'ਤੇ ਆਈ-ਪੀਏਸੀ (I-PAC) ਦੇ ਮੁਖੀ ਪ੍ਰਤੀਕ ਜੈਨ ਦੀ ਰਿਹਾਇਸ਼ ਅਤੇ ਸਲਾਹਕਾਰ ਫਰਮ ਦੇ ਦਫ਼ਤਰ ਤੋਂ ਦਸਤਾਵੇਜ਼ ਚੋਰੀ ਕਰਨ ਵਿੱਚ ਸ਼ਾਮਲ ਸਨ।

ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਐੱਫ ਆਈ ਆਰ ਦਰਜ ਹੋਣ ਤੋਂ ਬਾਅਦ ਪੁਲੀਸ ਉਨ੍ਹਾਂ ਕੇਂਦਰੀ ਏਜੰਸੀ ਦੇ ਕਰਮਚਾਰੀਆਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਜੋ ਕਾਰਵਾਈ ਦੌਰਾਨ ਦੋਵਾਂ ਥਾਵਾਂ



'ਤੇ ਮੌਜੂਦ ਸਨ। ਸ਼ਨਿਚਰਵਾਰ ਸਵੇਰੇ ਸ਼ੈਕਸਪੀਅਰ ਸਰਾਨੀ ਪੁਲੀਸ ਸਟੇਸ਼ਨ ਦੇ ਅਧਿਕਾਰੀਆਂ ਨੇ ਜੈਨ ਦੀ ਰਿਹਾਇਸ਼ ਦਾ ਦੌਰਾ ਕੀਤਾ ਅਤੇ ਸੀਸੀਟੀਵੀ ਫੁਟੇਜ ਤੇ ਡੀਵੀਆਰ ਰਿਕਾਰਡਿੰਗਾਂ ਇਕੱਠੀਆਂ ਕੀਤੀਆਂ; ਇਸ ਦੇ ਨਾਲ ਹੀ ਘਰੇਲੂ ਸਟਾਫ਼ ਅਤੇ ਸੁਰੱਖਿਆ ਕਰਮਚਾਰੀਆਂ ਦੇ ਬਿਆਨ ਵੀ ਦਰਜ ਕੀਤੇ ਗਏ ਹਨ।

ਜ਼ਿਕਰਯੋਗ ਹੈ ਕਿ ਤ੍ਰਿਣਮੂਲ ਕਾਂਗਰਸ (TMC) ਦੀ ਚੇਅਰਪਰਸਨ ਮਮਤਾ ਬੈਨਰਜੀ ਨੇ ਸ਼ੁੱਕਰਵਾਰ ਨੂੰ ਈਡੀ ਵਿਰੁੱਧ ਦੋ ਸ਼ਿਕਾਇਤਾਂ ਦਰਜ ਕਰਵਾਈਆਂ ਸਨ, ਜਿਸ ਤੋਂ ਬਾਅਦ ਕੋਲਕਾਤਾ ਅਤੇ ਬਿਧਾਨਨਗਰ ਪੁਲੀਸ ਨੇ ਭਾਰਤੀ ਨਿਆ ਸੰਹਿਤਾ (BNS) ਦੀਆਂ ਧਾਰਾਵਾਂ ਤਹਿਤ ਅਪਰਾਧਿਕ ਧਮਕਾਉਣ, ਚੋਰੀ, ਅਪਰਾਧਿਕ ਘੁਸਪੈਠ ਅਤੇ ਆਈਟੀ ਐਕਟ ਦੀ ਧਾਰਾ 66 ਦੇ ਤਹਿਤ ਕੇਸ ਦਰਜ ਕੀਤੇ ਹਨ।

ਅਧਿਕਾਰੀ ਨੇ ਦੋਸ਼ ਲਾਇਆ ਕਿ ਈਡੀ ਨੇ ਤਲਾਸ਼ੀ ਸ਼ੁਰੂ ਹੋਣ ਦੇ ਪੰਜ ਘੰਟੇ ਬਾਅਦ ਪੁਲੀਸ ਨੂੰ ਸੂਚਿਤ ਕੀਤਾ ਅਤੇ ਜਦੋਂ ਪੁਲੀਸ ਅਧਿਕਾਰੀ ਉੱਥੇ ਪਹੁੰਚੇ ਤਾਂ ਈਡੀ ਅਤੇ ਸੀਆਰਪੀਐੱਫ (CRPF) ਕਰਮਚਾਰੀਆਂ ਨੇ ਉਨ੍ਹਾਂ ਨੂੰ ਰੋਕਿਆ ਅਤੇ ਕਥਿਤ ਤੌਰ 'ਤੇ ਡਾਂਗਾਂ ਦਿਖਾ ਕੇ ਡਰਾਇਆ। ਮਮਤਾ ਬੈਨਰਜੀ ਨੇ ਦੋਸ਼ ਲਾਇਆ ਹੈ ਕਿ ਛਾਪੇਮਾਰੀ ਦੌਰਾਨ ਤ੍ਰਿਣਮੂਲ ਕਾਂਗਰਸ ਦੀਆਂ ਚੋਣਾਂ ਨਾਲ ਸਬੰਧਤ ਦਸਤਾਵੇਜ਼ ਅਤੇ ਇਲੈਕਟ੍ਰਾਨਿਕ ਡਾਟਾ ਚੋਰੀ ਕੀਤਾ ਗਿਆ ਹੈ। ਪੁਲੀਸ ਅਨੁਸਾਰ ਈਡੀ ਅਧਿਕਾਰੀਆਂ ਨੇ ਨਾ ਤਾਂ ਸ਼ਨਾਖਤੀ ਕਾਰਡ ਦਿਖਾਏ ਅਤੇ ਨਾ ਹੀ ਸਥਾਨਕ ਅਧਿਕਾਰੀਆਂ ਨੂੰ ਕੋਰਟ ਦਾ ਸਰਚ ਵਾਰੰਟ ਦਿੱਤਾ, ਜਿਸ ਕਾਰਨ ਜਾਂਚ ਜਾਰੀ ਹੈ ਅਤੇ ਕੇਂਦਰੀ ਏਜੰਸੀ ਦੇ ਕਰਮਚਾਰੀਆਂ ਦੀ ਭੂਮਿਕਾ ਦੀ ਜਾਂਚ ਕੀਤੀ ਜਾ ਰਹੀ ਹੈ।

# ਲੁਧਿਆਣਾ: ਸ਼ੋਅ ਰੂਮ ਦੇ ਬਾਹਰ ਚਲਾਈਆਂ ਗੋਲੀਆਂ, ਗੈਂਗਸਟਰਾਂ ਦੇ ਨਾਮ ਦੀ ਪਰਚੀ ਸੁੱਟ ਕੇ ਫ਼ਰਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ
INTERNATIONAL PAPER, 94636 01616
hardipchumber57@gmail.com




ਲੁਧਿਆਣਾ ਅਤੇ ਇਸਦੇ ਆਸਪਾਸ ਦੇ ਇਲਾਕੇ ਵਿੱਚ ਫਾਇਰਿੰਗ ਦੀਆਂ ਘਟਨਾਵਾਂ ਵਾਪਰਨੀਆਂ ਆਮ ਗੱਲ ਹੁੰਦੀ ਜਾ ਰਹੀ ਹੈ। ਬੀਤੇ ਦੇ ਦਿਨ ਤੋਂ ਲਗਾਤਾਰ ਫਿਰੌਤੀ ਮੰਗਣ ਨੂੰ ਲੈ ਕੇ ਲੁਧਿਆਣਾ ਸ਼ਹਿਰ ਵਿੱਚ ਗੋਲੀਆਂ ਚੱਲਣ ਦੇ ਮਾਮਲੇ ਸਾਹਮਣੇ ਆ ਰਹੇ ਹਨ। ਇਸੇ ਸਬੰਧਤ ਵਾਪਰੀ ਤਾਜ਼ਾ ਘਟਨਾ ਵਿੱਚ ਮੁੱਲਾਂਪੁਰ ਨੇੜੇ ਬੱਦੋਵਾਲ ਇਲਾਕੇ ਵਿੱਚ ਮੁਲਜ਼ਮਾਂ ਨੇ ਅੰਨ੍ਹੇਵਾਹ ਗੋਲੀਆਂ ਚਲੀਆਂ ਹਨ।

ਮੋਟਰਸਾਈਕਲ ਸਵਾਰ ਦੇ ਅਣਪਛਾਤੇ ਹਮਲਾਵਰਾਂ ਨੇ ਰਾਇਲ ਲਿਮੋ ਨਾਮ ਦੇ ਕਾਰ ਸ਼ੋਅਰੂਮ ਦੇ ਅੱਗੇ ਗੋਲੀਆਂ ਚੱਲਾਈਆਂ ਤੇ ਜਿਸ ਕਾਰਨ ਲਗਜ਼ਰੀ ਗੱਡੀਆਂ ਦੇ ਸ਼ੀਸ਼ੇ ਵੀ ਟੁੱਟ ਗਏ। ਹਾਲਾਂਕਿ ਘਟਨਾ ਵਿੱਚ ਕਿਸੇ ਦੇ ਜ਼ਖਮੀ ਹੋਣ ਤੋਂ ਬਚਾਅ ਰਿਹਾ। ਪਰ ਕਾਰਾਂ ਨੂੰ ਨੁਕਸਾਨ ਪੁੱਜਿਆ ਹੈ।

ਵੇਰਵਿਆਂ ਅਨੁਸਾਰ ਦੋਵੇਂ ਹਮਲਾਵਰ ਗੋਲੀਆਂ ਚਲਾਉਣ ਤੋਂ ਤੁਰੰਤ ਬਾਅਦ ਮੌਕੇ ਤੋਂ ਫਰਾਰ ਹੋ ਗਏ ਅਤੇ ਜਾਂਦੇ ਸਮੇਂ ਮੁਲਜ਼ਮ ਗੈਂਗਸਟਰ ਪਵਨ ਸ਼ੌਕੀਨ ਅਤੇ ਮੁਹੱਬਤ ਰੰਧਾਵਾ ਦੇ ਨਾਮ ਵਾਲੀਆਂ ਚਿੱਟੀਆਂ ਪਰਚੀਆਂ ਸੁੱਟ ਗਏ। ਪੁਲੀਸ ਨੇ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਹੈ।

ਘਟਨਾ ਦੀ ਜਾਣਕਾਰੀ ਮਿਲਦੇ ਹੀ ਮੁੱਲਾਂਪੁਰ ਦਾਖਾ ਦੀ ਪੁਲੀਸ ਟੀਮਾਂ ਤੇ ਸੀਨੀਅਰ ਅਧਿਕਾਰੀ ਵੀ ਮੌਕੇ 'ਤੇ ਪੁੱਜੇ ਹਨ। ਅਧਿਕਾਰੀਆਂ ਵੱਲੋਂ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਜ਼ਬਤ ਕੀਤੀ ਗਈ ਹੈ।

ਜ਼ਿਕਰਯੋਗ ਹੈ ਕਿ ਬੱਦੋਵਾਲ ਨੇੜੇ ਰਾਇਲ ਲਿਮੋਜ਼ਿਨ ਸ਼ੋਅਰੂਮ ਕਾਰਾਂ ਨੂੰ ਕਿਰਾਏ 'ਤੇ ਦੇਣ ਦਾ ਕਾਰੋਬਾਰ ਹੈ, ਜਿਨ੍ਹਾਂ ਦੇ ਕੋਲ ਰੇਂਜ ਰੋਵਰ ਅਤੇ ਮਰਸੀਡੀਜ਼ ਵਰਗੀਆਂ ਲਗਜ਼ਰੀ ਕਾਰਾਂ ਹਨ। ਪੁਲੀਸ ਦਾ ਮੰਨਣਾ ਹੈ ਕਿ ਹਮਲਾਵਰਾਂ ਨੇ ਸ਼ੋਅਰੂਮ ਦੇ ਉੱਚ-ਮੁੱਲ ਵਾਲੀਆਂ ਗੱਡੀਆਂ ਨੂੰ ਦੇਖਦੇ ਹੋਏ ਇਹ ਧਮਕੀ ਦੇ ਤੌਰ 'ਤੇ ਗੋਲੀਆਂ ਚਲਾਈਆਂ ਹਨ।

ਗ਼ੌਰਤਲਬ ਹੈ ਕਿ ਲੁਧਿਆਣਾ-ਫਿਰੋਜ਼ਪੁਰ ਮੇਨ ਰੋਡ 'ਤੇ ਨਜ਼ਦੀਕ ਹੀ ਆਈਟੀਬੀਪੀ ਕੈਂਪ ਵੀ ਹੈ। ਪੁਲੀਸ ਦਾ ਕਹਿਣਾ ਹੈ ਕਿ ਉਹ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਹਮਲਾਵਰਾਂ ਦੀ ਪਛਾਣ ਕਰਨ ਵਿੱਚ ਲੱਗੇ ਹੋਏ ਹਨ।

# ਉੜੀਸਾ 'ਚ ਏਅਰਕਰਾਫਟ ਹਾਦਸਾਗ੍ਰਸਤ; 6 ਜ਼ਖ਼ਮੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ
INTERNATIONAL PAPER, 94636 01616
hardipchumber57@gmail.com



ਇੰਡੀਆ ਵਨ ਏਅਰ ਦਾ ਜਹਾਜ਼ (ਕੈਰਾਵਨ 208) ਭੁਵਨੇਸ਼ਵਰ ਤੋਂ ਰੁੜਕੇਲਾ ਜਾਂਦਿਆਂ ਹਾਦਸਾਗ੍ਰਸਤ ਹੋਣ ਤੋਂ ਬਾਅਦ ਹੰਗਾਮੀ ਹਾਲਤ ਵਿਚ ਉਤਰਿਆ। ਇਸ ਹਾਦਸੇ ਵਿਚ ਛੇ ਜਣੇ ਜ਼ਖ਼ਮੀ ਹੋ ਗਏ। ਇਹ ਏਅਰਕਰਾਫਟ ਰੁੜਕੇਲਾ ਤੋਂ 8 ਮੀਲ ਦੂਰ ਸੀ ਜਦੋਂ ਹਾਦਸਾ ਵਾਪਰਿਆ। ਹਵਾਬਾਜ਼ੀ ਡਾਇਰੈਕਟੋਰੇਟ ਨੇ ਦੱਸਿਆ ਕਿ ਇਹ ਜਹਾਜ਼ ਦੇ ਪਾਇਲਟਾਂ ਅਤੇ ਚਾਰ ਯਾਤਰੀਆਂ ਨਾਲ 12.27 ਵਜੇ ਰਵਾਨਾ ਹੋਇਆ ਸੀ। ਜਹਾਜ਼ ਵਿਚ ਸਮੱਸਿਆ ਆਉਣ ਤੋਂ ਬਾਅਦ ਪਾਇਲਟਾਂ ਨੇ ਹੰਗਾਮੀ ਹਾਲਤ ਵਿਚ ਲੈਂਡਿੰਗ ਕੀਤੀ। ਇਸ ਮਗਰੋਂ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀਆਂ ਨੇ ਜ਼ਖਮੀ ਪਾਇਲਟਾਂ ਅਤੇ ਯਾਤਰੀਆਂ ਨੂੰ ਰੁੜਕੇਲਾ ਵਿਚ ਇਲਾਜ ਲਈ ਲਿਆਂਦਾ।

ਇਸ ਵੇਲੇ ਤਿੰਨ ਯਾਤਰੀਆਂ ਦਾ ਜੇ.ਪੀ. ਹਸਪਤਾਲ ਵਿੱਚ ਇਲਾਜ ਕੀਤਾ ਜਾ ਰਿਹਾ ਹੈ ਅਤੇ ਦੋ ਪਾਇਲਟ ਤੇ ਇੱਕ ਯਾਤਰੀ ਰੁੜਕੇਲਾ ਸਰਕਾਰੀ ਹਸਪਤਾਲ (RGH), ਵਿੱਚ ਜ਼ੇਰੇ ਇਲਾਜ ਹਨ। ਹਾਦਸੇ ਦੀ ਰਿਪੋਰਟ ਸਿਵਲ ਏਵੀਏਸ਼ਨ ਦੇ ਡਾਇਰੈਕਟਰ ਜਨਰਲ (ਡੀਜੀਸੀਏ), ਸਿਵਲ ਏਵੀਏਸ਼ਨ ਮੰਤਰਾਲੇ ਅਤੇ ਸਾਰੇ ਸਬੰਧਤ ਅਧਿਕਾਰੀਆਂ ਨੂੰ ਦੇ ਦਿੱਤੀ ਗਈ ਹੈ। ਨਿਯਮਾਂ ਅਨੁਸਾਰ ਇਹ ਏਅਰਲਾਈਨ ਅਗਲੇਰੀ ਕਾਰਵਾਈ ਲਈ ਡੀਜੀਸੀਏ ਤੇ ਏਅਰਕ੍ਰਾਫਟ ਐਕਸੀਡੈਂਟ ਇਨਵੈਸਟੀਗੇਸ਼ਨ ਬਿਊਰੋ (ਏਏਆਈਬੀ) ਨੂੰ ਵੇਰਵਿਆਂ ਦੀ ਰਿਪੋਰਟ ਭੇਜੇਗੀ।

# ਅਮਰੀਕਾ ਵੱਲੋਂ ਰੂਸੀ ਤੇਲ ਟੈਂਕਰ ਜ਼ਬਤ; ਹਿਮਾਚਲ ਦੇ ਨੌਜਵਾਨ ਸਣੇ ਤਿੰਨ ਭਾਰਤੀਆਂ ਨੂੰ ਹਿਰਾਸਤ ਵਿੱਚ ਲਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ
INTERNATIONAL PAPER, 94636 01616
hardipchumber57@gmail.com





ਉੱਤਰੀ ਅਟਲਾਂਟਿਕ ਵਿੱਚ ਅਮਰੀਕੀ ਫੌਜੀ ਵੱਲੋਂ ਤੇਲ ਟੈਂਕਰ ਮੈਰੀਨੇਰਾ ਨੂੰ ਜ਼ਬਤ ਕੀਤੇ ਜਾਣ ਤੋਂ ਬਾਅਦ ਅਮਰੀਕਾ ਨੇ ਜਹਾਜ਼ ਵਿਚਲੇ ਅਮਲੇ ਨੂੰ ਹਿਰਾਸਤ ਵਿੱਚ ਲੈ ਲਿਆ ਜਿਨ੍ਹਾਂ ਵਿਚ ਤਿੰਨ ਭਾਰਤੀ ਨਾਗਰਿਕ ਹਨ ਤੇ ਇਨ੍ਹਾਂ ਵਿੱਚੋਂ ਇਕ ਨੌਜਵਾਨ ਹਿਮਾਚਲ ਪ੍ਰਦੇਸ਼ ਨਾਲ ਸਬੰਧਤ ਹੈ ਜਿਸ ਦਾ ਨਾਂ ਰਿਕਸ਼ਿਤ ਚੌਹਾਨ ਹੈ।

ਇਸ ਟੈਂਕਰ 'ਤੇ ਰੂਸੀ ਝੰਡਾ ਲੱਗਿਆ ਹੋਇਆ ਸੀ ਤੇ ਇੱਕ ਨਿੱਜੀ ਵਪਾਰੀ ਵੱਲੋਂ ਕਥਿਤ ਤੌਰ 'ਤੇ ਵੈਨੇਜ਼ੁਏਲਾ ਦੇ ਕੱਚੇ ਤੇਲ ਨੂੰ ਰੂਸ ਲਿਜਾਇਆ ਜਾ ਰਿਹਾ ਸੀ ਕਿ ਇਸ ਸਮੁੰਦਰੀ ਜਹਾਜ਼ ਨੂੰ ਅਮਰੀਕਾ ਦੇ ਫੌਜੀਆਂ ਨੇ ਰੋਕ ਲਿਆ।

ਅਮਰੀਕਾ ਦੇ ਫੌਜੀਆਂ ਨੇ ਜਿਸ ਵੇਲੇ ਕਾਰਵਾਈ ਕੀਤੀ ਤਾਂ ਉਸ ਵੇਲੇ ਸਮੁੰਦਰੀ ਜਹਾਜ਼ ਵਿਚ ਕੁੱਲ 28 ਚਾਲਕ ਦਲ ਦੇ ਮੈਂਬਰ ਸਨ ਜਿਨ੍ਹਾਂ ਵਿੱਚ ਤਿੰਨ ਭਾਰਤੀ, 20 ਯੂਕਰੇਨੀ, ਛੇ ਜਾਰਜੀਅਨ ਅਤੇ ਦੋ ਰੂਸੀ ਸ਼ਾਮਲ ਸਨ। ਸਾਰੇ ਚਾਲਕ ਦਲ ਦੇ ਮੈਂਬਰ ਇਸ ਸਮੇਂ ਅਮਰੀਕੀ ਅਧਿਕਾਰੀਆਂ ਦੀ ਹਿਰਾਸਤ ਵਿੱਚ ਹਨ।

'ਦਿ ਟ੍ਰਿਬਿਊਨ' ਦੀ ਇੱਕ ਟੀਮ ਨੇ ਅੱਜ ਰਿਕਸ਼ਿਤ ਦੇ ਪਰਿਵਾਰ ਨੂੰ ਮਿਲਣ ਗਈ। ਇਹ ਪਰਿਵਾਰ ਪਾਲਮਪੁਰ ਨਗਰ ਨਿਗਮ ਅਧੀਨ ਪਾਲਮਪੁਰ ਦੇ ਬਾਹਰਵਾਰ ਵਾਰਡ 7 ਵਿੱਚ ਰਹਿੰਦਾ ਹੈ। ਪਰਿਵਾਰ ਆਪਣੇ ਪੁੱਤਰ ਨਾਲ ਅਚਾਨਕ ਸੰਪਰਕ ਟੁੱਟਣ ਕਾਰਨ ਚਿੰਤਤ ਅਤੇ ਦੁਖੀ ਹੈ।

ਰਿਕਸ਼ਿਤ ਦੇ ਪਿਤਾ ਰਣਜੀਤ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਆਖਰੀ ਵਾਰ ਆਪਣੇ ਪੁੱਤਰ ਨਾਲ ਪੰਜ ਦਿਨ ਪਹਿਲਾਂ ਫ਼ੋਨ 'ਤੇ ਗੱਲ ਕੀਤੀ ਸੀ।

# 9.12 ਕਰੋੜ ਦੀ ਲਾਗਤ ਨਾਲ ਤਿਆਰ "ਸਤਿਕਾਰ ਘਰ" ਕੈਬਨਿਟ ਮੰਤਰੀ ਬਲਜੀਤ ਕੌਰ ਵਲੋਂ ਬਜ਼ੁਰਗਾਂ ਨੂੰ ਸਮਰਪਿਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ
INTERNATIONAL PAPER, 94636 01616
hardipchumber57@gmail.com



ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਬਜ਼ੁਰਗ ਸਾਡਾ ਸਰਮਾਇਆ ਹਨ ਅਤੇ ਬਿਰਧਾਂ ਦੀ ਸੇਵਾ – ਸੰਭਾਲ ਲਈ ਪੰਜਾਬ ਸਰਕਾਰ ਨੇ 9.12 ਕਰੋੜ ਦੀ ਲਾਗਤ ਨਾਲ "ਸਤਿਕਾਰ ਘਰ" ਬਣਾਇਆ ਹੈ।

ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਡਾ. ਬਲਜੀਤ ਕੌਰ ਵਲੋਂ ਇੱਥੇ ਸਰਕਾਰੀ ਬਿਰਧ ਘਰ "ਸਤਿਕਾਰ ਘਰ" ਦੇ ਉਦਘਾਟਨ ਮੌਕੇ ਕੀਤਾ ਗਿਆ।

ਉਨ੍ਹਾਂ ਕਿਹਾ ਕਿ 72 ਬੈਡਜ਼ ਵਾਲੇ ਇਸ "ਸਤਿਕਾਰ ਘਰ" ਵਿੱਚ ਬਜ਼ੁਰਗਾਂ ਲਈ ਡੇਅ ਕੇਅਰ, ਭੋਜਨ, ਮੈਡੀਕਲ ਸਹੂਲਤਾਂ, ਲਾਇਬ੍ਰੇਰੀ, ਯੋਗਾ ਰੂਮ ਤੇ ਗੇਮ ਰੂਮ ਆਦਿ ਸਹੂਲਤਾਂ ਮੁਫ਼ਤ ਹਨ। ਉਨ੍ਹਾਂ ਕਿਹਾ ਕਿ ਬਜ਼ੁਰਗਾਂ ਲਈ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵਲੋਂ ਵਿਸ਼ੇਸ਼ ਪ੍ਰੋਗਰਾਮ ਸ਼ੁਰੂ ਕੀਤੇ ਜਾ ਰਹੇ ਹਨ ਅਤੇ ਸਿਹਤ ਕੈਂਪ ਵੀ ਆਉਣ ਵਾਲੇ ਦਿਨਾਂ ਵਿਚ ਸ਼ੁਰੂ ਕੀਤੇ ਜਾ ਰਹੇ ਹਨ।

ਇਸ ਮੌਕੇ ਉਨ੍ਹਾਂ "ਸਤਿਕਾਰ ਘਰ" ਵਿੱਚ ਰਹਿ ਰਹੇ ਬਿਰਧਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਸਨਮਾਨ ਕੀਤਾ। ਇਸ ਮੌਕੇ ਉਨ੍ਹਾਂ ਰਾਜ ਪੱਧਰੀ ਧੀਆਂ ਦੇ ਸਮਾਗਮ ਮੌਕੇ 21 ਨਵਜੰਮੀਆਂ ਧੀਆਂ ਦਾ ਸਨਮਾਨ ਕੀਤਾ।

ਇਸ ਮੌਕੇ ਸੰਬੋਧਨ ਕਰਦੇ ਹੋਏ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧ ਰਾਮ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਸਿਰਤੋੜ ਉਪਰਾਲੇ ਕਰ ਰਹੀ ਹੈ। ਸਰਕਾਰ ਵਲੋਂ ਜਿੱਥੇ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ, ਓਥੇ ਕਰੋੜਾਂ ਦੇ ਵਿਕਾਸ ਕਾਰਜ ਵੀ ਜਾਰੀ ਹਨ।

ਇਸ ਮੌਕੇ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋੜਵੰਦ ਬਜ਼ੁਰਗਾਂ ਦੀ ਬੁਢਾਪੇ ਵਿਚ ਸੇਵਾ ਸੰਭਾਲ ਦਾ ਵੱਡਾ ਉਪਰਾਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਮਾਨਸਾ ਵਿਚ ਜਿਥੇ 40 ਕਰੋੜ ਤੋਂ ਵੱਧ ਲਾਗਤ ਨਾਲ ਸੀਵਰੇਜ ਪ੍ਰੋਜੈਕਟ ਜਾਰੀ ਹੈ, ਓਥੇ ਸੜਕਾਂ ਦੇ ਨਿਰਮਾਣ ਕਾਰਜ ਵੀ ਚੱਲ ਰਹੇ ਹਨ ਜੋ ਕਿ ਆਉਣ ਵਾਲੇ 3- 4 ਮਹੀਨਿਆਂ ਵਿਚ ਮੁਕੰਮਲ ਹੋ ਜਾਣਗੇ।

ਇਸ ਮੌਕੇ ਡਾਇਰੈਕਟਰ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਸ੍ਰੀਮਤੀ ਵਿੰਮੀ ਭੁੱਲਰ ਨੇ ਕਿਹਾ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਬਜ਼ੁਰਗਾਂ, ਮਹਿਲਾਵਾਂ ਅਤੇ ਬੱਚਿਆਂ ਦੀ ਭਲਾਈ ਲਈ ਲਗਾਤਾਰ ਵੱਖ ਵੱਖ ਪ੍ਰੋਜੈਕਟਾਂ 'ਤੇ ਕੰਮ ਕਰ ਰਿਹਾ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਨਵਜੋਤ ਕੌਰ ਆਈ ਏ ਐੱਸ ਨੇ ਜਿਥੇ ਕੈਬਨਿਟ ਮੰਤਰੀ ਬਲਜੀਤ ਕੌਰ ਅਤੇ ਸਾਰੇ ਹਾਜ਼ਰੀਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਬਜ਼ੁਰਗਾਂ ਦੀ ਸੇਵਾ ਸੰਭਾਲ ਬੇਹਤਰੀਨ ਤਰੀਕੇ ਨਾਲ ਕੀਤੀ ਜਾਵੇਗੀ ਅਤੇ ਉਨ੍ਹਾਂ ਨੂੰ ਘਰ ਵਰਗਾ ਮਾਹੌਲ ਦਿੱਤਾ ਜਾਵੇਗਾ।

ਇਸ ਮੌਕੇ ਮੁੱਖ ਮਹਿਮਾਨ ਡਾਕਟਰ ਬਲਜੀਤ ਕੌਰ ਵਲੋਂ ਅਲਿਮਕੋ ਅਤੇ ਨੇਕੀ ਫਾਉਂਡੇਸ਼ਨ ਦੇ ਸਹਿਯੋਗ ਨਾਲ ਦਿਵਿਆਂਗਜਨ ਨੂੰ ਵ੍ਹੀਲ ਚੇਅਰਾਂ ਅਤੇ ਐਨਕਾਂ ਦੀ ਵੰਡ ਕੀਤੀ। ਇਸ ਤੋਂ ਇਲਾਵਾ ਵਿਦਿਅਕ, ਖੇਡਾਂ ਤੇ ਹੋਰ ਖੇਤਰਾਂ ਵਿਚ ਮੋਹਰੀ ਧੀਆਂ ਦਾ ਸਨਮਾਨ ਕੀਤਾ ਅਤੇ ਬਜ਼ੁਰਗਾਂ ਨੂੰ ਪੈਨਸ਼ਨ ਪੱਤਰਾਂ ਦੀ ਵੰਡ ਕੀਤੀ ਗਈ। ਇਸ ਤੋਂ ਪਹਿਲਾਂ ਉਨ੍ਹਾਂ ਵਿਭਾਗਾਂ ਦੀਆਂ ਸਕੀਮਾਂ ਅਤੇ ਮੈਡੀਕਲ ਕੈਂਪ ਦਾ ਦੌਰਾ ਕੀਤਾ। ਇਸ ਮੌਕੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਵਲੋਂ ਸੱਭਿਆਚਾਰਕ ਵੰਨਗੀਆਂ ਵੀ ਪੇਸ਼ ਕੀਤੀਆਂ ਗਈਆਂ।

ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਡਾ. ਸੁਮਨ ਬੱਤਰਾ ਵਲੋਂ ਨਿਭਾਈ ਗਈ।

ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮਾਨਸਾ ਗੁਰਪ੍ਰੀਤ ਸਿੰਘ ਭੁੱਚਰ, ਚੇਅਰਮੈਨ ਮਾਰਕੀਟ ਕਮੇਟੀ ਬੁਢਲਾਡਾ ਸਤੀਸ਼ ਸਿੰਗਲਾ, ਚੇਅਰਮੈਨ ਮਾਰਕੀਟ ਕਮੇਟੀ ਭੀਖੀ ਵਰਿੰਦਰ ਸੋਨੀ, ਪ੍ਰਧਾਨ ਨਗਰ ਕੌਂਸਲ ਮਾਨਸਾ ਸੁਨੀਲ ਕੁਮਾਰ ਨੀਨੂ, ਪ੍ਰਧਾਨ ਇਸਤਰੀ ਵਿੰਗ ਸ਼ਰਨਜੀਤ ਕੌਰ, ਜ਼ੋਨ ਇੰਚਾਰਜ ਜਸਵਿੰਦਰ ਕੌਰ, ਸੰਯੁਕਤ ਸਕੱਤਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਸ੍ਰੀ ਆਨੰਦ ਸਾਗਰ ਸ਼ਰਮਾ, ਵਧੀਕ ਡਾਇਰੈਕਟਰ ਸ੍ਰੀ ਚਰਨਜੀਤ ਸਿੰਘ ਮਾਨ, ਐੱਸ.ਐੱਸ.ਪੀ ਸ੍ਰੀ ਭਾਗੀਰਥ ਸਿੰਘ ਮੀਨਾ, ਵਧੀਕ ਡਿਪਟੀ ਕਮਿਸ਼ਨਰ (ਜ) ਅਨੁਪ੍ਰਿਤਾ ਜੌਹਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਆਕਾਸ਼ ਬਾਂਸਲ, ਅੰਡਰ ਟ੍ਰੇਨਿੰਗ ਆਈ.ਏ.ਐੱਸ ਗੁਰਲੀਨ ਕੌਰ, ਐਸ.ਡੀ.ਐੱਮ ਮਾਨਸਾ ਕਾਲਾ ਰਾਮ ਕਾਂਸਲ, ਐਸ.ਡੀ.ਐੱਮ ਸਰਦੂਲਗੜ੍ਹ ਹਰਜਿੰਦਰ ਸਿੰਘ ਜੱਸਲ, ਐੱਸ ਡੀ ਐੱਮ ਬੁਢਲਾਡਾ ਗਗਨਦੀਪ ਸਿੰਘ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਵੀਨ ਗੜ੍ਹਵਾਲ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਖੁਸ਼ਵੀਰ ਕੌਰ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਤੇ ਇਲਾਕਾ ਵਾਸੀ ਹਾਜ਼ਰ ਸਨ।

## ਖਬਰ ਦਾ ਬਾਕੀ ਭਾਗ

ਉਨ੍ਹਾਂ ਕਿਹਾ ਕਿ ਨਵਾਂ ਮੁਲਤਾਨੀਆ ਆਰ.ਓ.ਬੀ. 38.08 ਕਰੋੜ ਦੀ ਲਾਗਤ ਨਾਲ ਬਣਾਇਆ ਗਿਆ ਹੈ। ਇਸ ਦੀ ਕੁੱਲ ਲੰਬਾਈ ਇੱਕ ਕਿਲੋਮੀਟਰ ਤੋਂ ਥੋੜ੍ਹੀ ਜ਼ਿਆਦਾ ਹੈ ਅਤੇ ਚੌੜਾਈ 23 ਫੁੱਟ ਤੋਂ ਵਧਾ ਕੇ 34.5 ਫੁੱਟ ਕਰ ਦਿੱਤੀ ਗਈ ਹੈ। ਮੁੱਖ ਮੰਤਰੀ ਨੇ ਕਿਹਾ, "ਪੁਲ ਦੇ ਹੇਠਾਂ ਵਾਲੀ ਜਗ੍ਹਾ ਨੂੰ ਇੱਕ ਖੇਡ ਮੈਦਾਨ ਵਜੋਂ ਵਿਕਸਤ ਕੀਤਾ ਜਾਵੇਗਾ ਜਿਸ ਵਿੱਚ ਵਾਕਿੰਗ ਟਰੈਕ, ਬਾਕਸ ਕ੍ਰਿਕਟ, ਸਕੇਟਿੰਗ ਖੇਤਰ, ਬਾਸਕਟਬਾਲ ਕੋਰਟ, ਜਿੰਮ ਸਪੇਸ ਅਤੇ ਹੋਰ ਸਹੂਲਤਾਂ ਸ਼ਾਮਲ ਹੋਣਗੀਆਂ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪੁਲ ਦਾ ਕੰਮ 11 ਸਤੰਬਰ, 2023 ਨੂੰ ਸ਼ੁਰੂ ਹੋਇਆ ਸੀ ਅਤੇ ਇਸ ਨੂੰ ਸਮੇਂ ਸਿਰ ਮੁਕੰਮਲ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ, "ਅੱਜ ਇਹ ਪੁਲ ਆਵਾਜਾਈ ਲਈ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।"

ਇੱਕ ਹੋਰ ਵੱਡੇ ਪ੍ਰੋਜੈਕਟ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਮੇਂ ਬਠਿੰਡਾ-ਫਿਰੋਜ਼ਪੁਰ ਰੇਲਵੇ ਲਾਈਨ ਉੱਤੇ ਜਨਤਾ ਨਗਰ ਵਿਖੇ ਇੱਕ ਅੰਡਰਬ੍ਰਿਜ ਮੌਜੂਦ ਹੈ, ਜੋ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਨੂੰ ਵੀ ਜੋੜਦਾ ਹੈ। ਉਨ੍ਹਾਂ ਕਿਹਾ, "ਬਠਿੰਡਾ-ਗੋਨਿਆਣਾ ਰੋਡ ਅਤੇ ਬਾਦਲ ਪੁੱਦਾ ਰੋਡ ਨੂੰ ਜੋੜਣ ਵਾਲਾ ਇਹ ਅੰਡਰਬ੍ਰਿਜ ਬਹੁਤ ਤੰਗ ਹੈ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਲੋਕਾਂ ਨੂੰ ਕਾਫੀ ਅਸੁਵਿਧਾ ਦਾ ਸਾਹਮਣਾ ਕਰਨਾ ਪੈਂਦਾ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਅੰਡਰਬ੍ਰਿਜ ਰਾਹੀਂ ਆਉਣਾ-ਜਾਣਾ ਕਾਫ਼ੀ ਜੋਖਮ ਭਰਿਆ ਹੈ ਅਤੇ ਇੱਥੇ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਬਰਸਾਤ ਦੇ ਮੌਸਮ ਦੌਰਾਨ ਇੱਥੇ ਪਾਣੀ ਭਰ ਜਾਂਦਾ ਹੈ ਜੋ ਸਥਿਤੀ ਨੂੰ ਹੋਰ ਵੀ ਗੰਭੀਰ ਬਣਾ ਦਿੰਦਾ ਹੈ। ਉਨ੍ਹਾਂ ਕਿਹਾ, "ਵਿਦਿਆਰਥੀਆਂ, ਸਕੂਲ ਵੈਨਾਂ, ਐਂਬੂਲੈਂਸਾਂ ਅਤੇ ਆਮ ਲੋਕਾਂ ਨੂੰ ਇੱਥੇ ਹਰ ਰੋਜ਼ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ।" ਉਨ੍ਹਾਂ ਕਿਹਾ ਕਿ ਸਥਾਨਕ ਨਿਵਾਸੀ ਲੰਬੇ ਸਮੇਂ ਤੋਂ ਇਸ ਸਥਾਨ 'ਤੇ ਰੇਲਵੇ ਓਵਰਬ੍ਰਿਜ ਦੀ ਮੰਗ ਕਰ ਰਹੇ ਹਨ।

ਇਸ ਮੰਗ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜਨਤਾ ਨਗਰ ਵਿਖੇ 50.86 ਕਰੋੜ ਰੁਪਏ ਦੀ ਲਾਗਤ ਨਾਲ ਰੇਲਵੇ ਓਵਰ ਬ੍ਰਿਜ ਦੇ ਨਿਰਮਾਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਉਨ੍ਹਾਂ ਕਿਹਾ, "ਪ੍ਰਸਤਾਵਿਤ ਪੁਲ ਦੀ ਲੰਬਾਈ 650 ਮੀਟਰ ਹੋਵੇਗੀ ਅਤੇ ਚੌੜਾਈ 31 ਫੁੱਟ ਹੋਵੇਗੀ। ਇਸ ਦੇ ਨਾਲ ਲੱਗਦੀ ਸਰਵਿਸ ਰੋਡ ਨੂੰ ਵੀ 18 ਫੁੱਟ ਤੋਂ ਵਧਾ 33 ਫੁੱਟ ਤੱਕ ਚੌੜਾ ਕੀਤਾ ਜਾਵੇਗਾ।" ਉਨ੍ਹਾਂ ਕਿਹਾ ਕਿ ਇਸ ਸਬੰਧੀ ਟੈਂਡਰ ਪ੍ਰਕਿਰਿਆ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਹੈ ਅਤੇ ਉਸਾਰੀ ਦਾ ਕੰਮ ਜਲਦ ਸ਼ੁਰੂ ਹੋ ਜਾਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਨਵਾਂ ਪੁਲ ਨਾ ਸਿਰਫ਼ ਇਲਾਕੇ ਵਿੱਚ ਆਵਾਜਾਈ ਦੀ ਸਮੱਸਿਆ ਨੂੰ ਹੱਲ ਕਰੇਗਾ ਸਗੋਂ ਵਸਨੀਕਾਂ ਦਾ ਕੀਮਤੀ ਸਮਾਂ ਵੀ ਬਚਾਏਗਾ ਅਤੇ ਉਨ੍ਹਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਦਾ ਅੰਤ ਕਰੇਗਾ। ਉਨ੍ਹਾਂ ਕਿਹਾ, "ਇਸ ਪੂਰੇ ਖੇਤਰ ਨੂੰ ਸੂਬੇ ਵਿੱਚ ਵਿਕਾਸ ਦੇ ਇੱਕ ਵੱਡੇ ਕੇਂਦਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।"

ਵਿਕਾਸ ਸਬੰਧੀ ਆਪਣੀ ਸਰਕਾਰ ਦੇ ਵਿਆਪਕ ਦ੍ਰਿਸ਼ਟੀਕੋਣ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਿੱਥੇ ਸਕੂਲ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ, ਉੱਥੇ ਹੀ ਵਿਦਿਆਰਥੀਆਂ ਲਈ ਬਿਹਤਰ ਨਤੀਜੇ ਯਕੀਨੀ ਬਣਾਉਣ ਲਈ ਅਧਿਆਪਕਾਂ ਦੇ ਹੁਨਰ ਅਤੇ ਮੁਹਾਰਤ ਨੂੰ ਵੀ ਨਿਖਾਰਿਆ ਜਾ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੀ ਸਰਕਾਰ ਪੂਰੇ ਸੂਬੇ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸਾਰੇ ਫੈਸਲੇ ਲੋਕਾਂ ਅਤੇ ਹੋਰ ਭਾਈਵਾਲਾਂ ਨਾਲ ਸਲਾਹ-ਮਸ਼ਵਰਾ ਕਰਨ ਉਪਰੰਤ ਲਏ ਜਾ ਰਹੇ ਹਨ।"

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਜਨਵਰੀ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## * ਕਮਿਊਨਿਸਟਾਂ ਤੋਂ ਸਾਵਧਾਨ ਰਹੋ

ਪ੍ਰਧਾਨ ਡੀ.ਐਲ ਪਾਟਿਲ, ਜਨਰਲ ਸਕੱਤਰ ਐਚ.ਡੀ.ਆਵਲੇ, ਸਕੱਤਰ ਆਰ. ਬੀ. ਕਵਾੜੇ, ਖਜ਼ਾਨਚੀ ਸੀਤਾਰਾਮ ਹਦਕੇ - ਦਫ਼ਤਰ, ਕੇਂਦਰੀ ਪ੍ਰਾਂਤ ਵੰਹਦ ਅਨੁਸੂਚਿਤ ਜਾਤੀ ਫੈਡਰੇਸ਼ਨ, ਅਭਯੰਕਰ ਰੋਡ, ਸੀਤਾਬੁਲਦੀ, ਨਾਗਪੁਰ ਨੇ ਇੱਤ ਸੂਚਨਾ ਪੱਤਰ ਕੱਢਿਆ ਸੀ।

12 ਦਸੰਬਰ 1945 ਦੀ ਸ਼ਾਮ ਨੂੰ ਨਾਗਪੁਰ ਵਿੱਚ ਡਾ: ਬਾਬਾ ਸਾਹਿਬ ਅੰਬੇਡਕਰ ਦਾ ਜਨਤਕ ਭਾਸ਼ਣ ਹੋਵੇਗਾ। ਆਗਾਮੀ ਚੋਣਾਂ ਦੇ



ਸੰਦਰਭ ਵਿੱਚ ਡਾ: ਬਾਬਾ ਸਾਹਿਬ ਅੰਬੇਡਕਰ ਅਛੂਤ ਲੋਕਾਂ ਦੇ ਉਦੇਸ਼ ਨੂੰ ਲੈ ਕੇ ਇੱਕ ਜਨਤਕ ਇਲਾਹੀ ਸੰਦੇਸ਼ ਦੇਣਗੇ।

'ਅਛੂਤ ਵੀਰੋ ਅਤੇ ਭੈਣੋ, ਇਸ ਰੱਬੀ ਸੰਦੇਸ਼ ਨੂੰ ਸੁਣਨ ਲਈ ਹਜ਼ਾਰਾਂ ਅਤੇ ਲੱਖਾਂ ਦੀ ਗਿਣਤੀ ਵਿੱਚ ਇਕੱਠੇ ਹੋਵੋ। ਫੈਡਰੇਸ਼ਨ ਦੀਆਂ ਚੋਣਾਂ ਲਈ ਇਸ ਪ੍ਰੋਗਰਾਮ ਵਿੱਚ ਡਾ: ਬਾਬਾ ਸਾਹਿਬ ਅੰਬੇਡਕਰ ਨੂੰ ਥੈਲੀ ਭੇਟ ਕੀਤੀ ਜਾਵੇਗੀ।

ਸਮੂਹ ਵੀਰ ਭੈਣਾਂ ਅਤੇ ਹਰ ਜਿਲ੍ਹੇ ਦੇ ਫੈਡਰੇਸ਼ਨ ਦੇ ਵਰਕਰਾਂ ਨੂੰ ਬੇਨਤੀ ਹੈ ਕਿ ਇਸ ਕਾਰਜ ਵਿੱਚ ਪੂਰਨ ਸਹਿਯੋਗ ਦੇਣ। ਇਸ ਦਾ ਪ੍ਰਚਾਰ ਸਾਰੇ ਛੋਟੇ-ਵੱਡੇ ਪਿੰਡਾਂ ਵਿੱਚ ਵੀ ਕੀਤਾ ਜਾਵੇ ਤਾਂ ਜੋ ਵੱਡੀ ਗਿਣਤੀ ਵਿੱਚ ਲੋਕ ਮੀਟਿੰਗ ਵਿੱਚ ਸ਼ਾਮਲ ਹੋਣ। ਹਰ ਕਿਸੇ ਕੋਲ ਦਾਖਲੇ ਲਈ ਟਿਕਟਾਂ ਹਨ. 1945-46 ਲਈ ਚਾਰ ਆਨੇ ਦੇ ਕੇ ਫੈਡਰੇਸ਼ਨ ਦੇ ਮੁੱਢਲੇ ਮੈਂਬਰ ਬਣਨ ਵਾਲਿਆਂ ਨੂੰ ਹੀ ਪ੍ਰੋਗਰਾਮ ਲਈ ਟਿਕਟਾਂ ਮਿਲਣਗੀਆਂ। ਕੁਰਸੀ- ਪਹਿਲੀ ਸ਼੍ਰੇਣੀ 3 ਰੁਪਏ, ਕੁਰਸੀ- ਦੂਜੀ ਸ਼੍ਰੇਣੀ 2 ਰੁਪਏ, ਦਰਸ਼ਕ 8 ਆਨੇ, ਔਰਤ 4 ਆਨੇ। ਟਿਕਟਾਂ ਫੈਡਰੇਸ਼ਨ ਦਫਤਰ ਵਿਖੇ ਉਪਲਬਧ ਹੋਣਗੀਆਂ।

ਜਾਣਕਾਰੀ ਮੁਤਾਬਕ ਇਹ ਘਟਨਾ 12 ਦਸੰਬਰ 1945 ਦੀ ਸ਼ਾਮ ਨੂੰ ਨਾਗਪੁਰ 'ਚ ਵਾਪਰੀ ਸੀ। ਕੁੱਲ ਮਿਲਾ ਕੇ ਇੱਕ ਲੱਖ ਦੇ ਕਰੀਬ ਲੋਕ ਮੌਜੂਦ ਸਨ। ਇਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਵੀ ਮੌਜੂਦ ਸਨ। ਇਹ ਮੀਟਿੰਗ ਪਿਛਲੀਆਂ ਚੋਣ ਪ੍ਰਚਾਰ ਮੀਟਿੰਗਾਂ ਨਾਲੋਂ ਬਹੁਤ ਵੱਡੀ ਸੀ।

ਡਾ: ਬਾਬਾ ਸਾਹਿਬ ਅੰਬੇਡਕਰ ਸ਼ਾਮ ਨੂੰ ਰਾਏਪੁਰ ਤੋਂ ਇੱਥੇ ਆਏ ਸਨ। ਉਨ੍ਹਾਂ ਦੇ ਸਵਾਗਤ ਲਈ ਸਟੇਸ਼ਨ 'ਤੇ ਵੱਡੀ ਭੀੜ ਇਕੱਠੀ ਹੋ ਗਈ ਸੀ। ਸਟੇਸ਼ਨ ਤੋਂ ਕਸਤੂਰਚੰਦ ਪਾਰਕ ਤੱਕ ਸੜਕ ਦੇ ਦੋਵੇਂ ਪਾਸੇ ਹਜ਼ਾਰਾਂ ਲੋਕਾਂ ਦੀਆਂ ਕਤਾਰਾਂ ਲੱਗ ਗਈਆਂ। ਸਮਤਾ ਸੈਨਿਕ ਦਲ ਦਾ ਭੀੜ 'ਤੇ ਚੰਗਾ ਕੰਟਰੋਲ ਸੀ। ਇਹ ਉਨ੍ਹਾਂ ਦੇ ਚੋਣ ਦੌਰੇ ਦੀ ਆਖਰੀ ਮੁਲਾਕਾਤ ਸੀ। ਇੱਥੇ ਆਉਣ ਤੋਂ ਪਹਿਲਾਂ ਉਹ ਵਾਨਹਦ ਦੇ ਅਕੋਲਾ ਸ਼ਹਿਰ ਅਤੇ ਮਹਾਕੌਸ਼ਲ ਦੇ ਰਾਏਪੁਰ ਸ਼ਹਿਰ ਜਾ ਚੁੱਕੇ ਸਨ।

ਭਾਸ਼ਣ ਦੇ ਸ਼ੁਰੂ ਵਿੱਚ ਹੀ ਡਾ: ਬਾਬਾ ਸਾਹਿਬ ਨੇ ਕਿਹਾ ਕਿ ਸਾਰੀਆਂ ਪਾਰਟੀਆਂ ਸਵਰਾਜ ਚਾਹੁੰਦੀਆਂ ਹਨ। ਉਸਨੇ ਕਿਹਾ-

ਵਿਚਾਰਾਂ ਦਾ ਮਤਭੇਦ ਸਿਰਫ ਇਕ ਮੁੱਦੇ 'ਤੇ ਹੈ ਅਤੇ ਉਹ ਇਹ ਹੈ ਕਿ ਅੰਗਰੇਜ਼ਾਂ ਦੇ ਭਾਰਤ ਛੱਡਣ ਦੇ ਬਾਅਦ ਭਾਰਤ 'ਤੇ ਰਾਜ ਕੌਣ ਕਰੇਗਾ। ਕਾਂਗਰਸੀ ਆਗੂਆਂ ਦਾ ਕਹਿਣਾ ਹੈ ਕਿ ਕਾਂਗਰਸ ਤੋਂ ਇਲਾਵਾ ਕੋਈ ਵੀ ਪਾਰਟੀ ਸਵਰਾਜ ਨਹੀਂ ਚਾਹੁੰਦੀ। ਪਰ ਉਸਦੇ ਬੋਲ ਕੁਝ ਵੀ ਨਹੀਂ ਪਰ ਸਫੈਦ ਝੂਠੇ ਬੋਲ, ਮੈਂ ਤੁਹਾਨੂੰ ਸਾਰੇ ਦਲਿਤਾਂ ਦੀ ਤਰਫੋਂ ਚੇਤਾਵਨੀ ਦਿੰਦਾ ਹਾਂ ਕਿ ਜੇਕਰ ਅੰਗਰੇਜ਼ਾਂ ਤੋਂ ਬਾਅਦ ਸਥਾਪਤ ਹੋਣ ਵਾਲੀ ਭਾਰਤ ਸਰਕਾਰ ਵਿੱਚ ਅਛੂਤਾਂ ਨੂੰ ਦੂਜਾ ਸਥਾਨ ਦਿੱਤਾ ਗਿਆ ਤਾਂ ਇਹ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਾਨੂੰ ਆਪਣੇ ਸਿਆਸੀ ਹੱਕ ਮਿਲਣੇ ਚਾਹੀਦੇ ਹਨ। ਉਹਨਾਂ ਨੂੰ ਪ੍ਰਾਪਤ ਕਰਨ ਲਈ ਅਸੀਂ ਲੜਨ ਦੀ ਨਿਸ਼ਚਾ ਕੀਤਾ ਹੈ।

ਪਿਛਲੇ ਵੀਹ ਸਾਲਾਂ ਵਿੱਚ ਕਾਂਗਰਸ ਨੇ ਸਾਡੇ ਵਰਗੀਆਂ ਘੱਟ ਗਿਣਤੀਆਂ ਦਾ ਭਰੋਸਾ ਹਾਸਲ ਕਰਨ ਲਈ ਕੋਈ ਉਪਰਾਲਾ ਨਹੀਂ ਕੀਤਾ। ਕਾਂਗਰਸ ਆਪਣੇ ਆਪ ਨੂੰ ਦੇਸ਼ ਦੀ ਪ੍ਰਤੀਨਿਧ ਕਹਾਉਂਦੀ ਹੈ ਪਰ ਇਹ ਠੀਕ ਨਹੀਂ ਹੈ। ਲੋਕਾਂ ਦਾ ਸਮਰਥਨ ਹਾਸਲ ਕਰਨ ਲਈ ਕਾਂਗਰਸੀ ਆਗੂ ਜਾਣਬੁੱਝ ਕੇ ਅਜਿਹਾ ਕਹਿ ਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ।

ਮਿਸਾਲ ਵਜੋਂ ਸਮੁੱਚਾ ਅਛੂਤ ਭਾਈਚਾਰਾ ਕਾਂਗਰਸ ਦਾ ਸਮਰਥਕ ਨਹੀਂ ਹੈ ਸਗੋਂ ਆਲ ਇੰਡੀਆ ਸ਼ਡਿਊਲਡ ਕਾਸਟਸ ਫੈਡਰੇਸ਼ਨ ਦੇ ਨਾਲ ਹੈ। ਜਦੋਂ ਅੰਗਰੇਜ਼ ਦੇਸ਼ ਛੱਡ ਕੇ ਚਲੇ ਗਏ ਤਾਂ ਕੇਂਦਰ ਸਰਕਾਰ ਵਿੱਚ ਕਿਸ ਨੂੰ ਕਿਹੜੀ ਅਤੇ ਕਿੰਨੀ ਥਾਂ ਮਿਲੇਗੀ ਇਸ ਸਬੰਧ ਵਿੱਚ ਮੱਤਭੇਦ ਖਤਮ ਕਰਨ ਲਈ ਕਾਂਗਰਸ ਨੂੰ ਅਸਲ ਵਿੱਚ ਸਾਰੀਆਂ ਘੱਟ ਗਿਣਤੀ ਪਾਰਟੀਆਂ ਦੇ ਆਗੂਆਂ ਦੀ ਇੱਕ ਕੌਂਸਲ ਬਣਾ ਕੇ ਸਾਰਿਆਂ ਦੇ ਮਨਾਂ ਵਿੱਚ ਮੌਜੂਦ ਸ਼ੱਕ ਅਤੇ ਅਵਿਸ਼ਵਾਸ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਸੀ। ਪਰ ਇਸ ਦੀ ਬਜਾਏ ਕਾਂਗਰਸ ਨੇ ਕਿਹਾ ਕਿ ਸੱਤਾ ਕਾਂਗਰਸ ਨੂੰ ਸੌਂਪ ਦਿੱਤੀ ਜਾਵੇ, ਜਿਵੇਂ ਕਿ ਦੇਸ਼ ਵਿੱਚ ਕੋਈ ਹੋਰ ਸਿਆਸੀ ਪਾਰਟੀ ਨਹੀਂ ਹੈ।

ਆਪਣੇ ਅਛੂਤ ਭਾਈਚਾਰੇ ਦੀ ਤਰਫੋਂ, ਮੈਂ ਸਾਰਿਆਂ ਨੂੰ ਦੱਸਦਾ ਹਾਂ ਕਿ ਕਾਂਗਰਸ ਨੂੰ ਸਾਡੀ ਪ੍ਰਤੀਨਿਧਤਾ ਕਰਨ ਦਾ ਕੋਈ ਅਧਿਕਾਰ ਨਹੀਂ ਹੈ ਅਤੇ ਮੈਂ ਆਪਣੇ ਸਾਰੇ ਜਾਤੀ ਭਰਾਵਾਂ ਨੂੰ ਦਿਲੋਂ ਇਹ ਕਹਿਣਾ ਚਾਹੁੰਦਾ ਹਾਂ ਕਿ ਅਸੀਂ ਆਪਣੀ ਪਾਰਟੀ ਨੂੰ ਇੱਕ ਵੱਖਰੀ ਰਾਜਨੀਤਿਕ ਪਾਰਟੀ ਵਜੋਂ ਜਥੇਬੰਦ ਕਰਕੇ ਅਤੇ ਆਪਣੇ ਹੱਕਾਂ ਲਈ ਲੜ ਕੇ ਹੀ ਆਪਣੀ ਭਲਾਈ ਪ੍ਰਾਪਤ ਕਰ ਸਕਦੇ ਹਾਂ।

ਇਸ ਨਜ਼ਰੀਏ ਤੋਂ ਆਉਣ ਵਾਲੀਆਂ ਚੋਣਾਂ ਬਹੁਤ ਮਹੱਤਵਪੂਰਨ ਹਨ। ਇਸ ਲਈ ਇਹ ਧਿਆਨ ਵਿੱਚ ਰੱਖੋ ਕਿ ਇਨ੍ਹਾਂ ਚੋਣਾਂ ਵਿੱਚ ਸਿਰਫ਼ ਅਨੁਸੂਚਿਤ ਜਾਤੀ ਫੈਡਰੇਸ਼ਨ ਦੇ ਉਮੀਦਵਾਰ ਹੀ ਸਾਡੇ ਲਈ ਰਾਖਵੀਆਂ ਚੌਂਦਾਂ ਸੀਟਾਂ ਜਿੱਤਣ। ਜਦੋਂ ਤੱਕ ਸੱਤਾ ਸਾਡੇ ਹੱਥਾਂ ਵਿੱਚ ਨਹੀਂ ਆਉਂਦੀ, ਸਾਡੇ ਸ਼ਬਦਾਂ ਦੀ ਕੋਈ ਮਹੱਤਤਾ ਨਹੀਂ ਰਹੇਗੀ। ਸਾਰੀਆਂ ਮੁਸੀਬਤਾਂ ਝੱਲੋ, ਨਿਡਰ ਹੋਵੋ, ਕਿਸੇ ਵੀ ਤਰ੍ਹਾਂ ਦੀ ਹੀਣ ਭਾਵਨਾ ਨਾ ਰੱਖੋ ਅਤੇ ਇਸ ਗੱਲ 'ਤੇ ਅੜੇ ਰਹੋ ਕਿ ਸਾਡੇ ਦੇਸ਼ ਦੇ ਸ਼ਾਸਨ ਵਿਚ ਸਾਡਾ ਵੀ ਹਿੱਸਾ ਹੋਣਾ ਚਾਹੀਦਾ ਹੈ।

ਆਉਣ ਵਾਲੀਆਂ ਚੋਣਾਂ ਸਾਡੇ ਸਮਾਜ ਦੇ ਨਜ਼ਰੀਏ ਤੋਂ ਬਹੁਤ ਮਹੱਤਵਪੂਰਨ ਹਨ। ਜੇਕਰ ਅਸੀਂ ਤਰੱਕੀ ਕਰਨੀ ਚਾਹੁੰਦੇ ਹਾਂ ਤਾਂ ਸਾਨੂੰ ਸਿਆਸੀ ਤਾਕਤ ਹਾਸਲ ਕਰਨੀ ਪਵੇਗੀ। ਕੋਈ ਵੀ ਰਾਜਨੀਤਿਕ ਪਾਰਟੀ ਸਾਨੂੰ ਇਹ ਨਹੀਂ ਦੱਸ ਸਕਦੀ ਕਿ ਅਸੀਂ ਆਪਣੇ ਰਾਜਨੀਤਿਕ ਅਧਿਕਾਰਾਂ ਬਾਰੇ ਕਿਹੜੀਆਂ ਖਾਹਿਸ਼ਾਂ ਪੂਰੀਆਂ ਕਰਨੀਆਂ ਹਨ ਅਤੇ ਕੋਈ ਵੀ ਰਾਜਨੀਤਿਕ ਸ਼ਕਤੀ ਸਾਨੂੰ ਇਸ ਮਾਮਲੇ ਵਿੱਚ ਪਿੱਛੇ ਹਟਣ ਲਈ ਨਹੀਂ ਕਹਿ ਸਕਦੀ। ਮੈਨੂੰ ਯਕੀਨ ਹੈ ਕਿ ਹੁਣ ਤੋਂ ਜੇਕਰ ਕੋਈ ਆਗੂ ਅਛੂਤਾਂ ਨੂੰ ਦੂਜਾ ਸਥਾਨ ਦੇਣਾ ਚਾਹੁੰਦਾ ਹੈ ਤਾਂ ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਜਿਸ ਤਰ੍ਹਾਂ ਕਾਂਗਰਸ ਘੱਟ-ਗਿਣਤੀਆਂ ਦਾ ਭਰੋਸਾ ਹਾਸਲ ਨਹੀਂ ਕਰ ਸਕੀ, ਉਸੇ ਤਰ੍ਹਾਂ ਉੱਚ ਜਾਤੀ ਦੇ ਹਿੰਦੂਆਂ 'ਤੇ ਵੀ ਕਾਂਗਰਸ ਦਾ ਕੋਈ ਬਹੁਤਾ ਪ੍ਰਭਾਵ ਨਹੀਂ ਜਾਪਦਾ। ਗਾਂਧੀ ਦੀ ਅਗਵਾਈ ਵਿੱਚ ਕਾਂਗਰਸ ਵੱਲੋਂ ਛੂਤ-ਛਾਤ ਦੇ ਖਾਤਮੇ ਅਤੇ ਮੰਦਰ ਪ੍ਰਵੇਸ਼ ਨੂੰ ਲੈ ਕੇ ਚਲਾਈਆਂ ਗਈਆਂ ਮੁਹਿੰਮਾਂ ਵਿੱਚ ਕਾਂਗਰਸ ਪੂਰੀ ਤਰ੍ਹਾਂ ਅਸਫਲ ਰਹੀ ਹੈ। ਉਸ ਦੀ ਹਰਕਤ ਦਾ ਕੋਈ ਅਸਰ ਹੁੰਦਾ ਨਜ਼ਰ ਨਹੀਂ ਆ ਰਿਹਾ। ਹਾਲ ਹੀ ਵਿੱਚ ਮੈਂ ਜਗਨਨਾਥ ਪੁਰੀ ਗਿਆ ਸੀ। ਮੈਂ ਉਥੇ ਜਗਨਨਾਥ ਮੰਦਰ ਨੂੰ ਬਾਹਰੋਂ ਹੀ ਦੇਖਣਾ ਸੀ। ਉਸ ਮੰਦਿਰ ਦੇ ਅੰਦਰ ਜਾ ਕੇ ਮੈਨੂੰ ਜਗਨਨਾਥ ਦੀ ਮੂਰਤੀ ਨਜ਼ਰ ਨਾ ਆਈ।

ਇਸ ਤੋਂ ਤੁਹਾਨੂੰ ਪਤਾ ਲੱਗੇਗਾ ਕਿ ਅਸੀਂ ਆਪਣੇ ਹੱਕ ਲੈਣ ਲਈ ਸਿਰਫ ਆਪਣੀ ਸੰਸਥਾ 'ਤੇ ਭਰੋਸਾ ਕਰ ਸਕਦੇ ਹਾਂ। ਸਾਡੀ ਸੰਸਥਾ ਦੀ ਮਦਦ ਨਾਲ ਹੀ ਅਸੀਂ ਉਨ੍ਹਾਂ ਅੱਤਿਆਚਾਰਾਂ ਤੋਂ ਮੁਕਤ ਹੋਵਾਂਗੇ ਜਿਨ੍ਹਾਂ ਦਾ ਸਾਨੂੰ ਸੈਂਕੜੇ ਸਾਲਾਂ ਤੋਂ ਹਿੰਦੂਆਂ ਦੇ ਹੱਥੋਂ ਸਾਹਮਣਾ ਕਰਨਾ ਪਿਆ ਹੈ।

"ਇਕੁਐਲਿਟੀ ਐਂਡ ਜਸਟਿਸ" Rs- 100/month
"Equality and Justice" ਸਵਤੰਤ੍ਰਤਾ, ਸਮਾਨਤਾ, ਭਾਈਚਾਰਾ



ਇੱਕ ਗੱਲ ਹੋਰ ਮੈਂ ਤੁਹਾਨੂੰ ਦੱਸਣਾ ਚਾਹੁੰਦਾ ਹਾਂ ਕਿ ਤੁਹਾਨੂੰ ਕਮਿਊਨਿਸਟ ਪਾਰਟੀ ਤੋਂ ਸੁਚੇਤ ਰਹਿਣਾ ਚਾਹੀਦਾ ਹੈ। ਕਿਉਂਕਿ ਪਿਛਲੇ ਕੁਝ ਸਾਲਾਂ ਤੋਂ ਉਹ ਜੋ ਕੰਮ ਕਰ ਰਹੇ ਹਨ, ਉਸ ਨੂੰ ਦੇਖਦੇ ਹੋਏ ਸਾਫ਼ ਹੈ ਕਿ ਉਹ ਮਜ਼ਦੂਰਾਂ ਨੂੰ ਨੁਕਸਾਨ ਪਹੁੰਚਾ ਰਹੇ ਹਨ। ਅਸਲ ਵਿੱਚ, ਮੈਨੂੰ ਯਕੀਨ ਹੈ ਕਿ ਉਹ ਉਨ੍ਹਾਂ ਦੇ ਦੁਸ਼ਮਣ ਹਨ। ਕਮਿਊਨਿਸਟ ਕਹਿੰਦੇ ਹਨ ਕਿ ਕਾਂਗਰਸ ਸਰਮਾਏਦਾਰਾਂ ਦੀ ਜਥੇਬੰਦੀ ਹੈ ਅਤੇ ਇਹ ਵੀ ਦੱਸਦੇ ਹਨ ਕਿ ਵਰਕਰਾਂ ਨੂੰ ਇਸ ਵਿੱਚ ਹਿੱਸਾ ਲੈਣਾ ਚਾਹੀਦਾ ਹੈ। ਭਾਰਤ ਦੇ ਕਮਿਊਨਿਸਟਾਂ ਦੀ ਆਪਣੀ ਕੋਈ ਨੀਤੀ ਨਹੀਂ ਹੈ। ਉਨ੍ਹਾਂ ਨੂੰ ਰੂਸ ਤੋਂ ਪ੍ਰੇਰਨਾ ਮਿਲਦੀ ਹੈ।

ਕੀ ਕਮਿਊਨਿਸਟ ਸੱਚਮੁੱਚ ਮਜ਼ਦੂਰਾਂ ਦੀ ਪਰਵਾਹ ਕਰਦੇ ਹਨ ਜਿਵੇਂ ਉਹ ਕਹਿੰਦੇ ਹਨ? ਜੇਕਰ ਅਜਿਹਾ ਹੁੰਦਾ ਤਾਂ ਉਹ ਭਾਰਤੀ ਮਜ਼ਦੂਰਾਂ ਦੀ ਵੱਖਰੀ ਸਿਆਸੀ ਪਾਰਟੀ ਜਥੇਬੰਦੀ ਬਣਾ ਲੈਂਦੇ। ਕਾਂਗਰਸ ਨਾਲ ਹੱਥ ਮਿਲਾਉਣ ਦਾ ਜੋ ਉਪਦੇਸ਼ ਉਹ ਹੁਣ ਤੱਕ ਦਿੰਦੇ ਰਹੇ ਹਨ, ਉਹ ਉਹ ਨਹੀਂ ਦੇ ਰਹੇ।

ਕਾਂਗਰਸ ਨੇ ਉਨ੍ਹਾਂ ਨੂੰ ਭਜਾ ਦਿੱਤਾ ਹੈ, ਇਸ ਲਈ ਹੁਣ ਉਹ ਸਾਡੇ ਨਾਲ ਰਲ ਗਏ ਹਨ ਅਤੇ ਸਾਡੇ ਵਿਚਕਾਰ ਹਫੜਾ-ਦਫੜੀ ਮਚਾਉਣ ਲੱਗੇ ਹਨ। ਇਸੇ ਲਈ ਮੈਂ ਤੁਹਾਨੂੰ ਦੱਸ ਰਿਹਾ ਹਾਂ ਕਮਿਊਨਿਸਟਾਂ ਤੋਂ ਸਾਵਧਾਨ ਰਹੋ। ਉਹਨਾਂ ਨੂੰ ਆਪਣੀ ਤਰੱਕੀ ਲਈ ਤੁਹਾਡੀ ਅਨੁਸੂਚਿਤ ਜਾਤੀ ਫੈਡਰੇਸ਼ਨ ਦੀ ਵਰਤੋਂ ਨਾ ਕਰਨ ਦਿਓ। ਅਨੁਸੂਚਿਤ ਜਾਤੀ ਫੈਡਰੇਸ਼ਨ ਭਾਰਤੀ ਅਛੂਤਾਂ ਦੀ ਅਸਲੀ ਪ੍ਰਤੀਨਿਧੀ ਹੈ। ਸਾਡੇ ਸੂਬੇ ਵਿਚ ਇਸ ਦੀ ਤਾਕਤ ਵਧ ਰਹੀ ਹੈ। ਇਹ ਗੱਲ ਅੱਜ ਇੱਥੇ ਇਕੱਠੀ ਹੋਈ ਭਾਰੀ ਭੀੜ ਨੇ ਸਾਬਤ ਕਰ ਦਿੱਤੀ ਹੈ। ਮੈਨੂੰ ਖੁਸ਼ੀ ਹੈ ਕਿ ਤੁਸੀਂ ਲੋਕ ਮੇਰਾ ਭਾਸ਼ਣ ਸ਼ਾਂਤੀ ਨਾਲ ਸੁਣ ਰਹੇ ਹੋ। ਮੈਂ ਸੈਂਕੜੇ ਵਾਲੰਟੀਅਰਾਂ ਦਾ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਇਸ ਸਥਾਨ ਦਾ ਪ੍ਰਬੰਧਨ ਕੀਤਾ ਹੈ। ਮੈਂ ਸਾਰੇ ਨੌਜਵਾਨਾਂ ਨੂੰ ਫੈਡਰੇਸ਼ਨ ਨਾਲ ਹੱਥ ਮਿਲਾਉਣ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਬਿਨਾ ਤਨਖਾਹ ਦੇ ਬਹੁਗਿਣਤੀ ਵਿੱਚ ਹਿੱਸਾ ਲੈਣ ਅਤੇ ਕੰਮ ਕਰਨ ਦੀ ਬੇਨਤੀ ਕਰਦਾ ਹਾਂ।

ਜੇਕਰ ਅਸੀਂ ਇਸੇ ਤਰ੍ਹਾਂ ਆਪਣਾ ਸਮਰਥਨ ਕਰਦੇ ਰਹੇ, ਤਾਂ ਸਾਨੂੰ ਭਾਰਤੀ ਰਾਜਨੀਤੀ ਵਿੱਚ ਨਿਸ਼ਚਿਤ ਤੌਰ 'ਤੇ ਬਣਦਾ ਹਿੱਸਾ ਮਿਲੇਗਾ।

ਡਾ: ਬਾਬਾ ਸਾਹਿਬ ਦੇ ਭਾਸ਼ਣ ਤੋਂ ਬਾਅਦ ਉੱਥੇ ਇਕੱਠੀ ਹੋਈ ਭੀੜ ਨੇ ਖੁਸ਼ੀ ਨਾਲ 'ਜੈ ਭੀਮ' ਦਾ ਨਾਅਰਾ ਬੁਲੰਦ ਕੀਤਾ।

# ਸਰਬ ਨੌਜਵਾਨ ਸਭਾ ਨੇ ਨੇਤਰਹੀਣ ਆਸ਼ਰਮ 'ਚ ਮਨਾਈ ਧੀਆਂ ਦੀ ਲੋਹੜੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਜਨਵਰੀ
INTERNATIONAL PAPER, 94636 01616
hardipchumber57@gmail.com

ਫਗਵਾੜਾ 10 ਜਨਵਰੀ (ਸ਼ਿਵ ਕੌੜਾ) ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ (ਰਜਿ.) ਫਗਵਾੜਾ ਵਲੋਂ 'ਮਾਈ ਭਾਰਤ' ਕਪੂਰਥਲਾ ਅਤੇ ਬਾਲ ਵਿਕਾਸ ਪ੍ਰੋਜੈਕਟ ਦਫਤਰ ਫਗਵਾੜਾ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਲੋਹੜੀ ਦਾ ਤਿਉਹਾਰ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਸੀ.ਡੀ.ਪੀ.ਓ. ਰਾਜਵਿੰਦਰ ਕੌਰ ਦੀ ਅਗਵਾਈ ਹੇਠ ਗੁਰੂ ਨਾਨਕ ਮਿਸ਼ਨ ਨੇਤਰਹੀਣ ਤੇ ਬਿਰਧ ਆਸ਼ਰਮ ਸਪਰੋੜ ਵਿਖੇ ਨੇਤਰਹੀਨ ਅਤੇ ਨਵ-ਜੰਮੀਆਂ ਬੱਚੀਆਂ ਦੇ ਨਾਲ ਬਹੁਤ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਸਭਾ ਵਲੋਂ ਨਵਜੰਮੀਆਂ ਬੱਚੀਆਂ ਨੂੰ ਸੂਟ ਅਤੇ ਗਰਮ ਕੋਟੀਆਂ ਦੀ ਵੰਡ ਕੀਤੀ ਗਈ। ਇਸ ਮੌਕੇ ਬਤੌਰ ਮੁੱਖ ਮਹਿਮਾਨ ਲੋਕਸਭਾ ਹਲਕਾ ਹੁਸ਼ਿਆਰਪੁਰ ਤੋਂ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ, ਸ਼੍ਰੀਮਤੀ ਜੋਤੀ ਬਾਲਾ ਮੱਟੂ ਨਿਗਮ ਕਮਿਸ਼ਨਰ ਹੁਸ਼ਿਆਰਪੁਰ ਅਤੇ ਏ.ਡੀ.ਸੀ. ਫਗਵਾੜਾ ਡਾ. ਸ਼ਿਖਾ ਭਗਤ ਨੇ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਮੇਅਰ ਰਾਮਪਾਲ ਉੱਪਲ, ਤਵਿੰਦਰ ਰਾਮ ਚੇਅਰਮੈਨ ਮਾਰਕਿਟ ਕਮੇਟੀ ਫਗਵਾੜਾ, ਹਾਕੀ ਓਲੰਪੀਅਨ ਸੁਰਿੰਦਰ ਸਿੰਘ ਸੋਢੀ, ਭਾਜਪਾ ਕਿਸਾਨ ਸੈਲ ਦੇ ਕੌਮੀ ਸਕੱਤਰ ਅਵਤਾਰ ਸਿੰਘ ਮੰਡ, ਐਨ.ਆਰ.ਆਈ. ਜੋਰਾਵਰ ਸਿੰਘ ਮਾਨ, ਅਵਤਾਰ ਸਿੰਘ ਮੱਲ੍ਹੀ, ਹਰਜਿੰਦਰ ਕੌਰ ਮੱਲ੍ਹੀ ਨਿਊਜ਼ੀਲੈਂਡ,



ਅੰਮ੍ਰਿਤ ਯੂ.ਐਸ.ਏ., ਸੰਤੋਸ਼ ਕੁਮਾਰ ਗੋਗੀ ਜਿਲ੍ਹਾ ਸਕੱਤਰ ਆਪ ਅਤੇ ਸਮਾਜ ਸੇਵਕ ਰਾਜਕੁਮਾਰ ਮੱਟੂ ਮੋਜੂਦ ਰਹੇ। ਸਮੂਹ ਪਤਵੰਤਿਆਂ ਨੇ ਬਿਰਧ ਨੇਤਰਹੀਣ ਆਸ਼ਰਮ ਦੀਆਂ ਬੱਚੀਆਂ ਨੂੰ ਅਸ਼ੀਰਵਾਦ ਦਿੱਤਾ ਅਤੇ ਪੰਜਾਬੀ ਸਭਿਆਚਾਰ ਦੇ ਇਸ ਪ੍ਰਮੁੱਖ ਤਿਉਹਾਰ ਦੇ ਮਹੱਤਵ ਬਾਰੇ ਆਪਣੇ ਵਢਮੁੱਲੇ ਵਿਚਾਰ ਪੇਸ਼ ਕੀਤੇ। ਡਾ. ਰਾਜਕੁਮਾਰ ਚੱਬੇਵਾਲ ਨੇ ਸਭਾ ਅਤੇ ਸੁਸਾਇਟੀ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਧੀਆਂ ਨੂੰ ਪੁੱਤਰਾਂ ਵਾਂਗੂ ਬਰਾਬਰ ਸਤਿਕਾਰ ਦਾ ਹੱਕ ਦੁਆਉਣ 'ਚ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਉਹਨਾਂ ਦੀ ਟੀਮ ਵਲੋਂ ਬਹੁਤ ਹੀ ਸ਼ਲਾਘਾਯੋਗ ਅਤੇ ਸਮਾਜ ਨੂੰ ਸੇਧ ਦੇਣ ਵਾਲਾ ਉਪਰਾਲਾ ਕੀਤਾ ਜਾ ਰਿਹਾ ਹੈ। ਹੁਸ਼ਿਆਰਪੁਰ ਦੇ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ ਅਤੇ ਏ.ਡੀ.ਸੀ. ਫਗਵਾੜਾ ਡਾ. ਸ਼ਿਖਾ ਭਗਤ ਨੇ ਕਿਹਾ ਕਿ ਪੰਜਾਬ ਦੇ ਅਮੀਰ ਵਿਰਸੇ ਤੇ ਸਾਨੂੰ ਮਾਣ ਹੋਣਾ ਚਾਹੀਦਾ ਹੈ। ਜਿੱਥੋਂ ਦੇ ਤਿਉਹਾਰ, ਆਪਸੀ ਪਿਆਰ ਤੇ ਸਤਿਕਾਰ, ਵੱਖੋ-ਵੱਖਰੇ ਰੀਤੀ-ਰਿਵਾਜ ਅਤੇ ਪ੍ਰਹੁਣਚਾਰੀ ਦੁਨੀਆ ਭਰ ਵਿੱਚ ਪ੍ਰਸਿੱਧ ਹੈ। ਮੇਅਰ ਰਾਮਪਾਲ ਉੱਪਲ ਨੇ ਕਿਹਾ ਕਿ ਇਹ ਖੁਸ਼ੀ ਦੀ ਗੱਲ ਹੈ ਕਿ ਜਦੋਂ ਤੋਂ ਸਮਾਜ ਸੇਵੀ ਜੱਥੇਬੰਦੀਆਂ ਨੇ ਧੀਆਂ ਦੀ ਲੋਹੜੀ ਮਨਾਉਣ ਦੀ ਰਵਾਇਤ ਸ਼ੁਰੂ ਕੀਤੀ ਹੈ, ਸਮਾਜ ਦੀ ਸੋਚ ਵਿੱਚ ਕਾਫੀ ਬਦਲਾਅ ਆਇਆ ਹੈ। ਲੇਕਿਨ ਫਿਰ ਵੀ ਸਮਾਜ ਨੂੰ ਸਹੀ ਸੇਧ ਦੇਣ ਲਈ ਇਹ ਰਵਾਇਤ ਲਗਾਤਾਰ ਜਾਰੀ ਰਹਿਣੀ ਚਾਹੀਦੀ ਹੈ ਤਾਂ ਜੋ ਧੀਆਂ ਅਤੇ ਪੁੱਤਰਾਂ ਨੂੰ ਲੈ ਕੇ ਸਮਾਜ ਵਿੱਚ ਦੁਬਾਰਾ ਫਰਕ ਨਾ ਪਵੇ। ਭਾਜਪਾ ਆਗੂ ਅਵਤਾਰ ਸਿੰਘ ਮੰਡ ਨੇ ਸਰਬ ਨੌਜਵਾਨ ਸਭਾ ਅਤੇ ਵੈਲਫੇਅਰ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਧੀਆਂ ਦੇ ਸਤਿਕਾਰ ਦੀ ਰਵਾਇਤ ਸਿਰਫ ਸਾਲ ਵਿਚ ਇਕ ਵਾਰ ਲੋਹੜੀ ਮਨਾਉਣ ਤੱਕ ਸੀਮਿਤ ਨਹੀਂ ਰਹਿਣੀ ਚਾਹੀਦੀ ਬਲਕਿ ਲੜਕੀਆਂ ਨੂੰ ਅੱਗੇ ਵਧਣ ਅਤੇ ਆਤਮ-ਨਿਰਭਰ ਬਨਾਉਣ ਲਈ ਯਤਨ ਕਰਨੇ ਹੋਣਗੇ। ਸੀ.ਡੀ.ਪੀ.ਓ. ਰਾਜਵਿੰਦਰ ਕੌਰ ਅਤੇ ਹਰਜਿੰਦਰ ਕੌਰ ਮੱਲ੍ਹੀ ਨਿਊਜੀਲੈਂਡ ਨੇ ਵੀ ਇਸ ਉੱਦਮ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਬਹੁਤ ਹੀ ਘੱਟ ਇਹੋ ਜਿਹੀਆਂ ਸੰਸਥਾਵਾਂ ਹਨ ਜਿਹੜੀਆਂ ਲੋਕ ਭਲਾਈ ਲਈ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀਆਂ ਹਨ। ਮਾਰਕਿਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਸਕੱਤਰ ਸੰਤੋਸ਼ ਕੁਮਾਰ ਗੋਗੀ ਨੇ ਪੰਜਾਬੀ ਸਭਿਆਚਾਰ ਦੀ ਗੱਲ ਕਰਦਿਆਂ ਭਾਈਚਾਰਕ ਸਾਂਝ ਦੀ ਮਜਬੂਤੀ, ਲੜਕੀਆਂ ਨੂੰ ਘਰਾਂ ਅਤੇ ਸਮਾਜ 'ਚ ਬਰਾਬਰੀ ਦਾ ਦਰਜਾ ਦੇਣ ਤੇ ਜੋਰ ਦਿੱਤਾ। ਸਭਾ ਵਲੋਂ ਹਾਜਰੀਨ ਨੂੰ ਲੋਹੜੀ ਦੇ ਸ਼ਗਨ ਵਜੋਂ ਮੂੰਗਫਲੀ, ਰੇਓੜੀਆਂ, ਲੱਡੂ, ਪਿੰਨੀਆਂ ਆਦਿ ਦੀ ਵੰਡ ਕੀਤੀ ਗਈ। ਇਸ ਦੌਰਾਨ ਲੋਹੜੀ ਦੀ ਧੂਣੀ ਜਲਾਈ ਗਈ। ਸਮੂਹ ਪਤਵੰਤਿਆਂ ਨੇ ਲੋਕਗੀਤਾਂ ਨਾਲ ਸਮਾਂ ਬੰਨ੍ਹਿਆ। ਪਤਵੰਤਿਆਂ ਅਤੇ ਪ੍ਰਬੰਧਕਾਂ ਵਲੋਂ ਗਿੱਧਾ, ਬੋਲੀਆਂ ਭੰਗੜਾ ਤੋਂ ਇਲਾਵਾ ਲੋਹੜੀ ਦੇ ਗੀਤ ਗਾਏ ਗਏ। ਵੋਕੇਸ਼ਨਲ ਸੈਂਟਰ ਦੀਆਂ ਸਿੱਖਿਆਰਥਣਾਂ ਨੇ ਰਵਾਇਤੀ ਲੋਕਗੀਤਾਂ ਰਾਹੀਂ ਲੋਹੜੀ ਮੰਗਣ ਦਾ ਸ਼ਗਨ ਪੂਰਾ ਕੀਤਾ। ਅਖੀਰ ਵਿੱਚ ਆਸ਼ਰਮ ਦੇ ਮੈਨੇਜਰ ਮੁਖਤਿਆਰ ਸਿੰਘ ਨੇ ਸਮੂਹ ਹਾਜਰੀਨ ਦਾ ਪਹੁੰਚਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਸਟੇਜ ਦੀ ਸੇਵਾ ਲੈਕਚਰਾਰ ਹਰਜਿੰਦਰ ਗੋਗਨਾ ਵਲੋਂ ਨਿਭਾਈ ਗਈ। ਇਸ ਮੌਕੇ ਬਲਾਕ ਸੰਮਤੀ ਮੈਂਬਰ ਦਵਿੰਦਰ ਸਿੰਘ ਸਪਰੋੜ, ਆਪ ਆਗੂ ਗੁਰਦੀਪ ਸਿੰਘ ਦੀਪਾ, ਵਰੁਣ ਬੰਗੜ ਸਰਪੰਚ ਚੱਕ ਹਕੀਮ, ਚਰਨਜੀਤ ਸ਼ੇਰਗਿਲ, ਡਾ. ਵਿਜੇ ਕੁਮਾਰ, ਰਵਿੰਦਰ ਸਿੰਘ ਰਾਏ, ਆਰ.ਪੀ. ਸ਼ਰਮਾ, ਜਗਜੀਤ ਸੇਠ, ਨਰਿੰਦਰ ਸਿੰਘ ਸੈਣੀ, ਮਦਨ ਕੋਰੋਟਾਨੀਆ, ਸਾਹਿਬਜੀਤ ਸਾਬੀ, ਰਣਜੀਤ ਸਿੰਘ ਬੇਦੀ, ਪ੍ਰੋਫੈਸਰ ਸੋਨੀ ਆਨੰਦ, ਕਵੀ ਹਰਚਰਨ ਭਾਰਤੀ, ਮਨੋਹਰ ਸਿੰਘ ਤਲਵਾੜ, ਪਰਮਜੀਤ ਸਿੰਘ ਮਾਨ, ਰਣਜੀਤ ਬੇਦੀ, ਅਸ਼ੋਕ ਡੀ.ਪੀ., ਅਨੂਪ ਦੁੱਗਲ, ਵਿਜੇਂਦਰ ਸ਼ਰਮਾ, ਗੁਲਸ਼ਨ ਕਪੂਰ, ਰੌਬੀ ਕੰਗ, ਗੁਰਸ਼ਰਨ ਸਿੰਘ ਬਾਸੀ, ਮੁਖਤਿਆਰ ਸਿੰਘ, ਸੁਖਦੇਵ ਸਿੰਘ ਗੰਡਵਾਂ, ਸ਼ੁਭਮ ਸ਼ਰਮਾ, ਵਿੱਕੀ ਸਿੰਘ, ਲਾਇਨ ਗੁਰਦੀਪ ਸਿੰਘ ਕੰਗ, ਰਮਨ ਨਹਿਰਾ, ਰਘਬੀਰ ਕੌਰ ਮਹਿਲਾ ਕੋਆਡੀਨੇਟਰ ਆਪ ਪਾਰਟੀ, ਵੋਕੇਸ਼ਨਲ ਸੈਂਟਰ ਸਟਾਫ ਲੱਛਮੀ, ਗੁਰਜੀਤ ਕੌਰ, ਖੁਸ਼ੀ, ਆਸ਼ੂ ਬੱਗਾ ਤੋਂ ਇਲਾਵਾ ਸੈਂਟਰ ਦੀਆਂ ਸਿੱਖਿਆਰਥਣਾਂ ਵੀ ਹਾਜਰ ਸਨ।

# ਪੇਂਡੂ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਲਈ ਸਰਕਾਰ ਵਚਨਬੱਧ - ਡਾ. ਰਵਜੋਤ ਸਿੰਘ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੁੰਗੜਾ) ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਪਿੰਡ ਸ਼ੇਰਪੁਰ ਖਾਸ ਦਾ ਦੌਰਾ ਕੀਤਾ ਅਤੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ ਅਤੇ ਉਨ੍ਹਾਂ ਨੇ ਪੀਣ ਵਾਲੇ ਪਾਣੀ, ਸੀਵਰੇਜ, ਸਿੱਖਿਆ ਅਤੇ ਖੇਡ ਸਹੂਲਤਾਂ ਨਾਲ ਸਬੰਧਤ ਆਪਣੀਆਂ ਮੰਗਾਂ ਮੰਤਰੀ ਅੱਗੇ ਰੱਖੀਆਂ। ਡਾ. ਰਵਜੋਤ ਸਿੰਘ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਸਿਰਫ਼ ਯੋਜਨਾਵਾਂ ਬਣਾਉਣਾ ਹੀ ਨਹੀਂ ਹੈ, ਸਗੋਂ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਵੀ ਹੈ। ਉਨ੍ਹਾਂ ਕਿਹਾ ਕਿ ਪਿੰਡ ਸ਼ੇਰਪੁਰ ਖਾਸ ਵਿੱਚ ਇਕ ਨਵੇਂ ਆਂਗਨਵਾੜੀ ਕਮਰੇ ਦੀ ਉਸਾਰੀ ਦਾ ਕੰਮ ਬਹੁਤ ਜਲਦੀ ਸ਼ੁਰੂ ਕੀਤਾ ਜਾਵੇਗਾ, ਤਾਂ ਜੋ ਛੋਟੇ ਬੱਚਿਆਂ ਅਤੇ ਔਰਤਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਦੇ ਨਾਲ ਹੀ ਪਿੰਡ ਵਿੱਚ ਸੀਵਰੇਜ ਸਿਸਟਮ ਨੂੰ ਮਜ਼ਬੂਤ ਕਰਨ ਅਤੇ ਸਫ਼ਾਈ ਨੂੰ ਉਤਸ਼ਾਹਿਤ ਕਰਨ ਲਈ ਜ਼ਰੂਰੀ ਕੰਮ ਵੀ ਜਲਦੀ ਸ਼ੁਰੂ ਕੀਤੇ ਜਾਣਗੇ। ਕੈਬਨਿਟ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਖੇਡ ਮੈਦਾਨ ਦੀ ਉਸਾਰੀ ਦਾ ਕੰਮ ਜਲਦੀ ਹੀ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਖੇਡ ਸਹੂਲਤਾਂ ਦਾ ਵਿਕਾਸ ਨਾ ਸਿਰਫ਼ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਿਆਵੇਗਾ ਬਲਕਿ ਖੇਡ ਜਗਤ ਵਿੱਚ ਪਿੰਡ ਦਾ ਮਾਣ ਵੀ ਵਧਾਏਗਾ। ਡਾ. ਰਵਜੋਤ ਸਿੰਘ ਨੇ ਸਪੱਸ਼ਟ ਕੀਤਾ ਕਿ ਸਰਕਾਰ ਪਿੰਡਾਂ ਦੀ ਤਸਵੀਰ ਅਤੇ ਕਿਸਮਤ ਨੂੰ ਬਦਲਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਪਿੰਡ ਦੇ ਸਰਵਪੱਖੀ ਵਿਕਾਸ ਲਈ ਸਾਰੇ ਵਿਭਾਗਾਂ ਵਿਚਕਾਰ ਤਾਲਮੇਲ ਰਾਹੀਂ ਵਿਕਾਸ ਕਾਰਜ ਸਮੇਂ ਸਿਰ ਪੂਰੇ ਕੀਤੇ ਜਾਣਗੇ। ਉਨ੍ਹਾਂ ਪਿੰਡ ਵਾਸੀਆਂ ਨੂੰ ਵਿਕਾਸ ਕਾਰਜਾਂ ਵਿੱਚ ਸਹਿਯੋਗ ਦੀ ਅਪੀਲ ਵੀ ਕੀਤੀ।

# ਇਫਟੂ ਨੇ ਨਵਾਂਸ਼ਹਿਰ ਅਤੇ ਸੋਇਤਾ ਵਿਖੇ ਲੇਬਰ ਕੋਡ ਦੀਆਂ ਕਾਪੀਆਂ ਸਾੜੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੁੰਗੜਾ) ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼( ਇਫਟੂ) ਵਲੋਂ ਅੱਜ ਨਵਾਂਸ਼ਹਿਰ ਦੇ ਬਾਰਾਦਰੀ ਬਾਗ਼ ਅੱਗੇ ਅਤੇ ਪਿੰਡ ਸੋਇਤਾ ਦੇ ਭੱਠੇ ਉੱਤੇ ਚਾਰ ਲੇਬਰ ਕੋਡ ਅਤੇ ਬਿਜਲੀ ਸੋਧ ਬਿੱਲ 2025 ਦੀਆਂ ਕਾਪੀਆਂ ਸਾੜੀਆਂ ਗਈਆਂ। ਇਹਨਾਂ ਮੌਕਿਆਂ ਉੱਤੇ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੂਬਾ ਸਕੱਤਰ ਅਵਤਾਰ ਸਿੰਘ ਤਾਰੀ,ਸੂਬਾ ਪ੍ਰੈਸ ਸਕੱਤਰ ਜਸਬੀਰ ਦੀਪ, ਜ਼ਿਲਾ ਪ੍ਰਧਾਨ ਗੁਰਦਿਆਲ ਰੱਕੜ, ਜ਼ਿਲਾ ਸਕੱਤਰ ਪਰਵੀਨ ਕੁਮਾਰ ਨਿਰਾਲਾ, ਰੇਹੜੀ ਵਰਕਰ ਯੂਨੀਅਨ ਦੇ ਪ੍ਰਧਾਨ ਹਰੇ ਰਾਮ, ਚੇਅਰਮੈਨ ਹਰੀ ਲਾਲ ਨੇ ਆਖਿਆ ਕਿ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਗਏ ਚਾਰ ਲੇਬਰ ਕੋਡ ਦੇਸ਼ ਦੇ ਮਜ਼ਦੂਰ ਵਰਗ ਉੱਤੇ ਬਹੁਤ ਵੱਡਾ ਹਮਲਾ ਹੈ।ਇਹ ਮਜ਼ਦੂਰ ਜਮਾਤ ਕੋਲੋਂ ਉਸਦੇ ਮੁੱਢਲੇ ਅਧਿਕਾਰ ਖੋਹ ਲੈਂਦੇ ਹਨ ਜੋ ਮਜ਼ਦੂਰਾਂ ਨੇ ਦਹਾਕਿਆਂ ਤੱਕ ਸੰਘਰਸ਼ ਕਰਕੇ ਅਤੇ ਅਣਗਿਣਤ ਕੁਰਬਾਨੀਆਂ ਕਰਕੇ ਪ੍ਰਾਪਤ ਕੀਤੇ ਸਨ। ਇਹ ਮਜ਼ਦੂਰ ਜਮਾਤ ਕੋਲੋਂ ਉਸਦਾ ਯੂਨੀਅਨ ਬਣਾਉਣ ਦਾ ਹੱਕ, ਹੜਤਾਲ ਕਰਨ ਦਾ ਹੱਕ ਖੋਹਦੇ ਹਨ, ਰੁਜ਼ਗਾਰ ਸੁਰੱਖਿਆ ਉੱਤੇ ਹੱਲਾ ਬੋਲਦੇ ਹਨ।ਇਹ ਪੱਕੀਆਂ ਨੌਕਰੀਆਂ ਨੂੰ ਖ਼ਤਮ ਕਰਦੇ ਹਨ, ਕੰਮ ਸਮਾਂ ਦਿਹਾੜੀ ਅੱਠ ਘੰਟੇ ਤੋਂ ਵਧਾਕੇ 12 ਘੰਟੇ ਕਰਦੇ ਹਨ।ਇਹਨਾ ਨਾਲ ਕਿਰਤ ਵਿਭਾਗ ਦੇ ਅਧਿਕਾਰੀ ਸਿਰਫ਼ ਸਲਾਹਕਾਰ ਬਣਕੇ ਰਹਿ ਜਾਣਗੇ ਜਿਸਦਾ ਮਾਲਕਾਂ ਨੂੰ ਲਾਭ ਹੋਵੇਗਾ ਅਤੇ ਮਜ਼ਦੂਰਾਂ ਨੂੰ ਨੁਕਸਾਨ। ਆਗੂਆਂ ਨੇ ਕਿਹਾ ਕਿ ਇਹ ਕੋਡ ਕਾਰਪੋਰੇਟਾਂ ਵਲੋਂ ਮਜ਼ਦੂਰਾਂ ਦੀ ਮਿਹਨਤ ਸ਼ਕਤੀ ਦੀ ਬੇਕਿਰਕ ਲੁੱਟ ਕਰਨ ਲਈ ਲਿਆਂਦੇ ਗਏ ਹਨ। ਆਗੂਆਂ ਨੇ ਲੋਕਾਂ ਨੂੰ ਇਹਨਾਂ ਕੋਡਾਂ ਦਾ ਤਿੱਖਾ ਵਿਰੋਧ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਸਰਵੇਸ਼ ਗੁਪਤਾ, ਘਣਈਆ ਕੁਮਾਰ,ਸੁਰੇਸ਼,ਬੀਰ ਸਿੰਘ, ਚਮਨ ਲਾਲ,ਸ਼ਿਵ ਕੁਮਾਰ, ਰੋਸ਼ਨੀ, ਬਬੀਤਾ ਅਤੇ ਰੇਸ਼ਮਾ ਵੀ ਮੌਜੂਦ ਸਨ।

# ਗਣਤੰਤਰ ਦਿਵਸ ਝਾਕੀਆਂ ਦੀਆਂ ਤਿਆਰੀਆਂ ਸਬੰਧੀ ਏ.ਡੀ.ਸੀ ਨੇ ਕੀਤੀ ਵਿਭਾਗੀ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੁੰਗੜਾ) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ ਨੇ ਗਣਤੰਤਰ ਦਿਵਸ ਦੇ ਮੌਕੇ 'ਤੇ ਕੱਢੀਆਂ ਜਾਣ ਵਾਲੀਆਂ ਝਾਕੀਆਂ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਇਕ ਅਹਿਮ ਮੀਟਿੰਗ ਕੀਤੀ। ਮੀਟਿੰਗ ਦਾ ਉਦੇਸ਼ 26 ਜਨਵਰੀ ਨੂੰ ਕਰਵਾਏ ਵਾਲੇ ਗਣਤੰਤਰ ਦਿਵਸ ਸਮਾਗਮ ਨੂੰ ਮਾਣਮੱਤੇ ਅਤੇ ਸੁਚੱਜੇ ਢੰਗ ਨਾਲ ਪੂਰਾ ਕੀਤਾ ਜਾਣਾ ਸੀ। ਏ.ਡੀ.ਸੀ (ਵਿਕਾਸ) ਨੇ ਮੀਟਿੰਗ ਦੌਰਾਨ ਕਿਹਾ ਕਿ ਗਣਤੰਤਰ ਦਿਵਸ ਨਾ ਸਿਰਫ਼ ਇਕ ਰਾਸ਼ਟਰੀ ਤਿਉਹਾਰ ਹੈ, ਸਗੋਂ ਦੇਸ਼ ਦੀ ਏਕਤਾ, ਅਖੰਡਤਾ ਅਤੇ ਸੰਵਿਧਾਨ ਦੀਆਂ ਕਦਰਾਂ-ਕੀਮਤਾਂ ਨੂੰ ਦਰਸਾਉਣ ਦਾ ਇਕ ਮਹੱਤਵਪੂਰਨ ਮੌਕਾ ਵੀ ਹੈ। ਉਨ੍ਹਾਂ ਹਦਾਇਤ ਕੀਤੀ ਕਿ ਜ਼ਿਲ੍ਹੇ ਦੀਆਂ ਵਿਕਾਸ ਪ੍ਰਾਪਤੀਆਂ, ਸਰਕਾਰੀ ਯੋਜਨਾਵਾਂ, ਸਮਾਜਿਕ ਸੰਦੇਸ਼ਾਂ ਅਤੇ ਸੱਭਿਆਚਾਰਕ ਵਿਰਾਸਤ ਨੂੰ ਝਾਕੀਆਂ ਰਾਹੀਂ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਦਰਸ਼ਿਤ ਕੀਤਾ ਜਾਵੇ। ਉਨ੍ਹਾਂ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਸਮੇਂ ਸਿਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਝਾਕੀਆਂ ਦੇ ਥੀਮ, ਡਿਜ਼ਾਈਨ, ਸਮੱਗਰੀ ਅਤੇ ਪੇਸ਼ਕਾਰੀ ਵੱਲ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਗਿਆ ਸੀ, ਤਾਂ ਜੋ ਆਮ ਲੋਕਾਂ ਤੱਕ ਇਕ ਸਕਾਰਾਤਮਕ ਸੰਦੇਸ਼ ਪਹੁੰਚ ਸਕੇ। ਇਸ ਦੇ ਨਾਲ ਹੀ ਸੁਰੱਖਿਆ ਮਾਪਦੰਡਾਂ, ਆਵਾਜਾਈ ਪ੍ਰਬੰਧਾਂ ਅਤੇ ਤਕਨੀਕੀ ਪਹਿਲੂਆਂ 'ਤੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਏ.ਡੀ ਸੀ ਨਿਕਾਸ ਕੁਮਾਰ ਨੇ ਸਪੱਸ਼ਟ ਕੀਤਾ ਕਿ ਹਰ ਵਿਭਾਗ ਨੂੰ ਆਪਣੀ ਜ਼ਿੰਮੇਵਾਰੀ ਗੰਭੀਰਤਾ ਨਾਲ ਨਿਭਾਉਣੀ ਚਾਹੀਦੀ ਹੈ ਅਤੇ ਕੋਈ ਵੀ ਲਾਪਰਵਾਹੀ ਨਹੀਂ ਵਰਤੀ ਜਾਣੀ ਚਾਹੀਦੀ।

# ਸੀਨੀਅਰ ਤੇ ਤਜ਼ਰਬੇ ਵਾਲੇ ਅਧਿਆਪਕਾਂ ਤੇ ਟੀ.ਈ.ਟੀ. ਦੀ ਸ਼ਰਤ ਲਗਾਉਣਾ ਤਰਕਹੀਣ ਅਤੇ ਗੈਰ-ਵਾਜਬ :-ਦੁੱਗਾਂ, ਲਤਾਲਾ ,ਨਬੀਪੁਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com



ਐੱਸ.ਸੀ./ ਬੀ.ਸੀ. ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਦੁੱਗਾਂ, ਸਕੱਤਰ ਜਨਰਲ ਬਲਵਿੰਦਰ ਸਿੰਘ ਲਤਾਲਾ, ਜਨਰਲ ਸਕੱਤਰ ਲਛਮਣ ਸਿੰਘ ਨਬੀਪੁਰ ਨੇ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਵੱਲੋਂ ਸੀਨੀਅਰ ਅਧਿਆਪਕਾਂ ਤੇ ਸੇਵਾਵਾਂ ਜਾਰੀ ਰੱਖਣ ਅਤੇ ਤਰੱਕੀ ਪ੍ਰਾਪਤ ਕਰਨ ਲਈ ਟੀ.ਈ.ਟੀ. ਪਾਸ ਕਰਨ ਦੀ ਲਗਾਈ ਗਈ ਸ਼ਰਤ ਤਰਕਹੀਣ ਅਤੇ ਗੈਰ ਵਾਜਬ ਹੈ। ਇਸ ਫੈਸਲੇ ਨਾਲ ਲੱਖਾਂ ਸੀਨੀਅਰ ਅਧਿਆਪਕਾਂ ਨੂੰ ਰੁਜ਼ਗਾਰ ਖੁੱਸਣ ਦਾ ਖਦਸ਼ਾ ਸਤਾਉਣ ਲੱਗਾ ਹੈ।ਸਿੱਖਿਆ ਵਿੱਚ ਸੁਧਾਰ ਕਰਨ ਦੇ ਨਾਂ ਤੇ ਲਗਾਈ ਗਈ ਇਹ ਸ਼ਰਤ ਲੱਖਾਂ ਅਧਿਆਪਕਾਂ ਨੂੰ ਤਰੱਕੀਆਂ ਤੋਂ ਵਾਂਝਾ ਕਰਨ ਤੇ ਸੀਨੀਅਰ ਅਧਿਆਪਕਾਂ ਦੇ ਚੁੱਲੇ ਠੰਡੇ ਕਰਨ ਦਾ ਸਬੱਬ ਬਣ ਸਕਦੀ ਹੈ । ਦੇਸ਼ ਦੇ ਸਕੂਲ ਪਹਿਲਾਂ ਹੀ ਅਧਿਆਪਕਾਂ ਘਾਟ ਦੀ ਸਮੱਸਿਆ ਨਾਲ ਜੂਝ ਰਹੇ ਹਨ। ਵਰਨਣਯੋਗ ਹੈ ਕਿ ਆਰ.ਟੀ.ਈ. ਐਕਟ. ਤਹਿਤ ਜਾਰੀ ਦਿਸ਼ਾ ਨਿਰਦੇਸ਼ਾਂ ਵਿੱਚ ਵੀ 2010 ਤੋਂ ਪਹਿਲਾਂ ਨਿਯੁਕਤ ਅਧਿਆਪਕਾਂ ਨੂੰ ਟੀ.ਈ.ਟੀ. ਤੋਂ ਛੋਟ ਦੇਣ ਬਾਰੇ ਕਿਹਾ ਗਿਆ ਹੈ। ਇਸ ਤੋਂ ਬਾਅਦ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਵਿਦਿਆਰਥੀਆਂ ਨੂੰ ਪੜ੍ਹਾਉਣ ਵਾਲੇ ਸਾਰੇ ਅਧਿਆਪਕ ਟੈੱਟ ਪਾਸ ਕਰਨ ਉਪਰੰਤ ਹੀ ਭਰਤੀ ਹੋ ਰਹੇ ਹਨ।ਇਸ ਲਈ ਮਾਣਯੋਗ ਸੁਪਰੀਮ ਕੋਰਟ ਨੂੰ ਆਪਣੇ ਇਸ ਫੈਸਲੇ ਤੇ ਪੁਨਰ ਵਿਚਾਰ ਕਰਨੀ ਚਾਹੀਦੀ ਹੈ।ਆਗੂਆਂ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਇਸ ਸਮੱਸਿਆ ਦਾ ਜਲਦੀ ਯੋਗ ਹੱਲ ਕੀਤਾ ਜਾਵੇ ਤਾਂ ਜ਼ੋ ਲੰਬੇ ਸਮੇਂ ਤੋਂ ਸਿੱਖਿਆ ਵਿਭਾਗ 'ਚ ਆਪਣੀਆਂ ਸੇਵਾਵਾਂ ਨਿਭਾਅ ਰਹੇ ਸੀਨੀਅਰ ਅਧਿਆਪਕ ਵੀ ਤਰੱਕੀ ਪ੍ਰਾਪਤ ਕਰ ਸਕਣ ਤੇ ਆਪਣੀ ਬਣਦੀ ਸਰਕਾਰੀ ਸੇਵਾ ਨਵਿਰਤੀ ਤੱਕ ਵਿਭਾਗ ਚ ਸ਼ਾਨਦਾਰ ਸੇਵਾਵਾਂ ਨਿਭਾਉਂਦੇ ਰਹਿਣ ਤੇ ਦੇਸ਼ ਦੇ ਆਉਣ ਵਾਲੇ ਭਵਿੱਖ ਵਿਦਿਆਰਥੀਆਂ ਨੂੰ ਸਿੱਖਿਅਤ ਕਰਕੇ ਚੰਗੇ ਨਾਗਰਿਕ ਬਣਾ ਸਕਣ।

# ਖਾਧ ਪਦਾਰਥਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਫੂਡ ਸੇਫਟੀ ਟੀਮ ਵੱਲੋਂ ਖਾਣ-ਪੀਣ ਦੇ ਪਦਾਰਥਾਂ ਦੇ ਸੈਂਪਲ ਭਰੇ ਗਏ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੁੰਗੜਾ) ਆਮ ਲੋਕਾਂ ਨੂੰ ਸੁਰੱਖਿਅਤ, ਸਾਫ਼-ਸੁਥਰਾ ਅਤੇ ਗੁਣਵੱਤਾਪੂਰਨ ਖਾਣ-ਪੀਣ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਫੂਡ ਸੇਫਟੀ ਵਿਭਾਗ ਪੰਜਾਬ ਵੱਲੋਂ ਲਗਾਤਾਰ ਜਾਂਚ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਇਸੇ ਕੜੀ ਤਹਿਤ ਮਾਨਯੋਗ ਕਮਿਸ਼ਰ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ ਪੰਜਾਬ ਸ਼੍ਰੀ ਦਿਲਰਾਜ ਸਿੰਘ ਆਈ.ਏ.ਐਸ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਸ਼੍ਰੀਮਤੀ ਆਸ਼ਿਕਾ ਜੈਨ ਆਈ.ਏ.ਐਸ ਦੇ ਹੁਕਮਾਂ ਹੇਠ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਬਲਬੀਰ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਜਤਿੰਦਰ ਭਾਟੀਆ ਦੀ ਅਗਵਾਈ ਵਿੱਚ ਫੂਡ ਸੇਫਟੀ ਅਫਸਰ ਇਸ਼ਾਨ ਬਾਂਸਲ ਅਤੇ ਟੀਮ ਵੱਲੋਂ ਅੱਜ ਮਾਹਿਲਪੁਰ ਖੇਤਰ ਵਿੱਚ ਵਿਸ਼ੇਸ਼ ਜਾਂਚ ਮੁਹਿੰਮ ਚਲਾਈ ਗਈ। ਫੂਡ ਸੇਫਟੀ ਟੀਮ ਵੱਲੋਂ ਇਸ ਜਾਂਚ ਦੌਰਾਨ ਮਾਹਿਲਪੁਰ ਖੇਤਰ ਦੇ ਵੱਖ-ਵੱਖ ਫੂਡ ਬਿਜ਼ਨਸ ਸਥਾਨਾਂ ਤੋਂ ਖਾਣ-ਪੀਣ ਵਾਲੀਆਂ ਚੀਜ਼ਾਂ ਦੇ ਕੁੱਲ 3 ਸੈਂਪਲ ਭਰੇ ਗਏ। ਇਨ੍ਹਾਂ ਵਿੱਚ ਇੱਕ ਸੈਂਪਲ ਖਾਣੇ ਵਾਲੇ ਤੇਲ (ਕੁਕਿੰਗ ਆਇਲ), ਇੱਕ ਸੈਂਪਲ ਸ਼ੱਕਰ ਅਤੇ ਇੱਕ ਸੈਂਪਲ ਮੈਯੋਨੀਜ਼ ਦਾ ਸ਼ਾਮਲ ਹੈ। ਇਹ ਸਾਰੇ ਸੈਂਪਲ ਗੁਣਵੱਤਾ ਜਾਂਚ ਲਈ ਫੂਡ ਸੇਫਟੀ ਲੈਬੋਰੇਟਰੀ, ਖਰੜ ਭੇਜੇ ਗਏ ਹਨ ਅਤੇ ਪ੍ਰਾਪਤ ਹੋਣ ਵਾਲੀ ਲੈਬ ਰਿਪੋਰਟ ਦੇ ਅਧਾਰ 'ਤੇ ਫੂਡ ਸੇਫਟੀ ਐਕਟ ਅਨੁਸਾਰ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਜਾਂਚ ਮੁਹਿੰਮ ਦੌਰਾਨ ਫੂਡ ਸੇਫਟੀ ਟੀਮ ਵੱਲੋਂ ਸੰਬੰਧਿਤ ਫੂਡ ਬਿਜ਼ਨਸ ਓਪਰੇਟਰਾਂ ਨੂੰ ਆਪਣੇ ਕਾਰੋਬਾਰੀ ਸਥਾਨਾਂ 'ਤੇ ਸਾਫ਼-ਸਫ਼ਾਈ, ਨਿੱਜੀ ਸਵੱਛਤਾ ਅਤੇ ਭੋਜਨ ਸੁਰੱਖਿਆ ਮਿਆਰਾਂ ਦੀ ਪੂਰੀ ਪਾਲਣਾ ਕਰਨ ਲਈ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ। ਟੀਮ ਨੇ ਖਾਣ-ਪੀਣ ਦੀ ਸਟੋਰੇਜ, ਤਿਆਰੀ, ਪੈਕਿੰਗ ਅਤੇ ਵਿਕਰੀ ਦੌਰਾਨ ਨਿਰਧਾਰਤ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ।

# ਮਨਰੇਗਾ ਮਜ਼ਦੂਰ ਯੂਨੀਅਨ ਦੀ 12 ਜਨਵਰੀ ਨੂੰ ਹੋਣ ਵਾਲੀ ਕਨਵੈਂਸ਼ਨ ਦੀਆਂ ਤਿਆਰੀਆਂ ਮੁਕੰਮਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ INTERNATIONAL PAPER, 94636 01616 hardipchumber57@gmail.com



ਸੰਗਰੂਰ,10 ਜਨਵਰੀ (ਜਗਸੀਰ ਸਿੰਘ)- ਪਿੰਡ ਬੱਸੀਆਂ ਵਿਖੇ 12 ਜਨਵਰੀ ਨੂੰ ਹੋ ਰਹੀ ਮਨਰੇਗਾ ਮਜ਼ਦੂਰ ਯੂਨੀਅਨ ਦੀ ਇਲਾਕਾ ਕਨਵੈਂਸ਼ਨ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਡਾਕਟਰ ਪ੍ਰਕਾਸ਼ ਸਿੰਘ ਨੇ ਦੱਸਿਆ ਕਿ ਰਾਏਕੋਟ ਹਲਕੇ ਵਿੱਚ ਤਿੰਨ ਕਨਵੈਂਸ਼ਨ ਕੀਤੀਆਂ ਜਾਣਗੀਆਂ। ਪਹਿਲੀ ਕਨਵੈਂਸ਼ਨ ਬਸੀਆਂ, ਦੂਸਰੀ ਮੁੱਲਾਂਪੁਰ ਅਤੇ ਤੀਸਰੀ ਪੱਖੋਵਾਲ ਕਰਕੇ ਮਨਰੇਗਾ ਮਜ਼ਦੂਰਾਂ ਨੂੰ ਲਾਮਬੰਦ ਕੀਤਾ ਜਾਵੇਗਾ। ਬੱਸੀਆਂ ਕਨਵੈਂਸ਼ਨ ਵਿੱਚ ਚੋਣਵੇਂ ਪਿੰਡਾਂ ਦੇ ਚੋਣਵੇਂ ਮਨਰੇਗਾ ਮਜ਼ਦੂਰ ਭਾਗ ਲੈਣਗੇ ਜੋ ਅੱਗੇ ਜਾ ਕੇ ਪਿੰਡਾਂ ਵਿੱਚ ਮਜ਼ਦੂਰਾਂ ਨੂੰ ਵੀ ਬੀ ਜੀ ਰਾਮ ਜੀ ਸਕੀਮ ਵਿਰੁੱਧ ਅਤੇ ਮਨਰੇਗਾ ਦੇ ਹੱਕ ਵਿੱਚ ਮਨਰੇਗਾ ਮਜ਼ਦੂਰਾਂ ਨੂੰ ਲਾਮ ਬੰਦ ਕਰਨਗੇ। ਇਸ ਕਨਵੈਂਸ਼ਨ ਸੀਟੂ ਪੰਜਾਬ ਦੇ ਪ੍ਰਧਾਨ ਸਾਥੀ ਚੰਦਰ ਸੇਖਰ ,ਸੀਟੂ ਦੇ ਸੂਬਾ ਮੀਤ ਪ੍ਰਧਾਨ ਦਲਜੀਤ ਕੁਮਾਰ ਗੋਰਾ,ਮਨਰੇਗਾ ਦੇ ਸੂਬਾ ਪ੍ਰਧਾਨ ਸ਼ੇਰ ਸਿੰਘ ਫਰਵਾਹੀ ਤੇ ਸੂਬਾ ਜਨਰਲ ਸਕੱਤਰ ਸਾਥੀ ਅਮਰਨਾਥ

ਕੁਮਕਲਾਂ ਵਿਸ਼ੇਸ਼ ਤੌਰ ਤੇ ਸੰਬੋਧਨ ਕਰਨ ਲਈ ਆਉਣਗੇ। ਇਸ ਮੌਕੇ ਕਰਨੈਲ ਸਿੰਘ ਬੱਸੀਆਂ, ਗੁਰਮੁੱਖ ਸਿੰਘ ਬੱਸੀਆਂ, ਚਮਕੌਰ ਸਿੰਘ ਨੂਰਪੁਰਾ, ਕਰਮਜੀਤ ਸਿੰਘ ਸਨੀ, ਰਾਜ-ਜਸਵੰਤ ਸਿੰਘ ਜੇਗਾ ਤਲਵੰਡੀ, ਕੁਲਦੀਪ ਸਿੰਘ ਜੌਹਲਾਂ, ਅਮਰੀਕ ਸਿੰਘ ਜੌਹਲਾਂ ਅਤੇ ਮਿਸਤਰੀ ਕਾਲਾ ਸਿੰਘ ਜੌਹਲਾਂ ਹਾਜ਼ਰ ਸਨ।

# ਪੰਜਾਬੀ ਯੂਨੀਵਰਸਿਟੀ ਨੂੰ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਪ੍ਰਾਪਤ ਹੋਈ ਗ੍ਰਾਂਟ

## ਕੈਂਪਸ ਵਿੱਚ ਹਰਿਆਲੀ ਪ੍ਰੋਗਰਾਮਾਂ ਨੂੰ ਹੋਰ ਮਜ਼ਬੂਤ ਕਰੇਗੀ ਇਹ ਗ੍ਰਾਂਟ: ਉਪ-ਕੁਲਪਤੀ ਡਾ. ਜਗਦੀਪ ਸਿੰਘ

"Equality and justice" Patiala 10 January
INTERNATIONAL PAPER, 9463601616
hardipchumber57@gmail.com

ਪਟਿਆਲਾ, 10 ਜਨਵਰੀ (ਅੰਗਰੇਜ ਸਿੰਘ ਵਿੱਕੀ) ਪੰਜਾਬੀ ਯੂਨੀਵਰਸਿਟੀ ਨੂੰ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਤਹਿਤ ਚੱਲ ਰਹੇ ਵਾਤਾਵਰਣ ਸਿੱਖਿਆ ਪ੍ਰੋਗਰਾਮ ਈ. ਈ.ਪੀ. ਅਧੀਨ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਵੱਲੋਂ ਇੱਕ ਅਹਿਮ ਗ੍ਰਾਂਟ ਪ੍ਰਦਾਨ ਕੀਤੀ ਗਈ ਹੈ। ਇਹ ਗ੍ਰਾਂਟ ਯੂਨੀਵਰਸਿਟੀ ਵੱਲੋਂ ਵਾਤਾਵਰਣ ਜਾਗਰੂਕਤਾ ਨੂੰ ਉਤਸਾਹਿਤ ਕਰਨ, ਵਾਤਾਵਰਣ-ਕੇਂਦਰਿਤ ਗਤੀਵਿਧੀਆਂ ਨੂੰ ਲਾਗੂ ਕਰਨ ਅਤੇ ਆਪਣੇ ਕੈਂਪਸ ਤੇ ਸੰਬੰਧਿਤ ਕਾਲਜਾਂ ਦੇ ਵਿਦਿਆਰਥੀਆਂ ਵਿੱਚ ਹਰਿਆਲੀ ਸਬੰਧੀ ਲੀਡਰਸ਼ਿਪ ਨੂੰ ਵਧਾਉਣ ਲਈ ਕੀਤੇ ਨਿਰੰਤਰ ਯਤਨਾਂ ਦੀ ਪ੍ਰਸ਼ੰਸਾ ਵਜੋਂ ਦਿੱਤੀ ਗਈ ਹੈ।ਉਪ-ਕੁਲਪਤੀ ਡਾ.ਜਗਦੀਪ ਸਿੰਘ ਵੱਲੋਂ ਪੰਜਾਬ ਸਟੇਟ ਕੌਂਸਲ ਫ਼ਾਰ ਸਾਇੰਸ ਐਂਡ ਟੈਕਨਾਲੋਜੀ ਦਾ ਇਸ ਗ੍ਰਾਂਟ ਲਈ ਵਿਸ਼ੇਸ਼ ਧੰਨਵਾਦ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਵਾਤਾਵਰਣ ਨਾਲ ਜੁੜੀਆਂ ਗਤੀਵਿਧੀਆਂ 'ਤੇ ਨਿਰੰਤਰ ਧਿਆਨ ਕੇਂਦਰਿਤ ਕਰਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਇਹ ਗ੍ਰਾਂਟ ਕੈਂਪਸ ਵਿੱਚ ਹਰਿਆਲੀ ਨਾਲ ਜੁੜੇ ਪ੍ਰੋਗਰਾਮਾਂ ਨੂੰ ਹੋਰ ਮਜ਼ਬੂਤ ਕਰੇਗੀ, ਸਮਰੱਥਾ ਨਿਰਮਾਣ ਵਰਕਸ਼ਾਪਾਂ ਨੂੰ ਵਧਾਏਗੀ ਅਤੇ ਜਲਵਾਯੂ ਮਾਮਲਿਆਂ ਬਾਰੇ ਕਾਰਵਾਈ, ਪਾਣੀ ਸੰਭਾਲ ਤੇ ਕੂੜਾ ਪ੍ਰਬੰਧਨ ਵਰਗੇ ਮੁੱਦਿਆਂ 'ਤੇ ਵਿਦਿਆਰਥੀਆਂ ਦੀ ਅਗਵਾਈ ਵਾਲੇ ਨਵੇਂ ਪ੍ਰੋਜੈਕਟਾਂ ਵਿੱਚ ਮਦਦਗਾਰ ਸਾਬਿਤ ਹੋਵੇਗੀ।

ਡੀਨ ਵਿਦਿਆਰਥੀ ਭਲਾਈ ਪ੍ਰੋ.ਮਮਤਾ ਸ਼ਰਮਾ, ਜੋ ਈ.ਈ.ਪੀ. ਨੂੰ ਲਾਗੂ ਕਰਨ ਲਈ ਨੋਡਲ ਕੋਆਰਡੀਨੇਟਰ ਵੀ ਹਨ, ਨੇ ਕਿਹਾ ਕਿ ਇਸ ਪਹਿਲਕਦਮੀ ਤਹਿਤ ਯੂਨੀਵਰਸਿਟੀ ਦੇ ਈਕੋ-ਕਲੱਬਾਂ ਵੱਲੋਂ ਆਉਣ ਵਾਲੇ ਮਹੀਨਿਆਂ ਵਿੱਚ ਵਿਦਿਆਰਥੀਆਂ ਦੀ ਅਗਵਾਈ ਵਾਲੀਆਂ ਕਈ ਹਰਿਆਲੀ ਮੁਹਿੰਮਾਂ ਅਤੇ ਵਰਕਸ਼ਾਪਾਂ ਸ਼ੁਰੂ ਕੀਤੀਆਂ ਜਾਣਗੀਆਂ, ਜਿਨ੍ਹਾਂ ਰਾਹੀਂ ਨੌਜਵਾਨਾਂ ਨੂੰ ਵਾਤਾਵਰਣ ਨਾਲ ਸਬੰਧਤ ਗੰਭੀਰ ਚੁਣੌਤੀਆਂ ਨੂੰ ਹੱਲ ਕਰਨ ਵਿੱਚ ਹਿੱਸਾ ਲੈਣ ਲਈ ਹੋਰ ਪ੍ਰੇਰਿਤ ਕੀਤਾ ਜਾਵੇਗਾ।

# ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ.ਜਗਦੀਪ ਸਿੰਘ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਬਾਰੇ ਪੁਸਤਕ ਕੀਤੀ ਗਈ ਲੋਕ ਅਰਪਣ

"Equality and justice" Patiala 10 January
INTERNATIONAL PAPER, 9463601616
hardipchumber57@gmail.com



ਪਟਿਆਲਾ, 10 ਜਨਵਰੀ (ਅੰਗਰੇਜ ਸਿੰਘ ਵਿੱਕੀ) ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ.ਜਗਦੀਪ ਸਿੰਘ ਵੱਲੋਂ ਅੱਜ ਯੂਨੀਵਰਸਿਟੀ ਦੀ ਭਾਈ ਵੀਰ ਸਿੰਘ ਚੇਅਰ ਵੱਲੋਂ ਪਿਛਲੇ ਸਮੇਂ ਕਰਵਾਈ ਗਈ ਅੰਤਰ-ਰਾਸ਼ਟਰੀ ਕਾਨਫ਼ਰੰਸ ਨਾਲ ਸਬੰਧਤ ਪੁਸਤਕ ਰਿਲੀਜ਼ ਕੀਤੀ ਗਈ।'ਹਰਮੀਨਿਊਟਿਕਸ ਆਫ਼ ਡਿਵਾਈਨ ਸਾਊਂਡਸਕੇਪਸ: ਡੀਕੋਡਿੰਗ ਦਿ ਮਿਊਜ਼ੀਕਲ ਸਿਗਨੇਚਰਜ਼ ਆਫ਼ ਸ੍ਰੀ ਗੁਰੂ ਗ੍ਰੰਥ ਸਾਹਿਬ' ਨਾਮਕ ਇਸ ਪੁਸਤਕ ਨੂੰ ਡਾ.ਮਨਜੀਤ ਸਿੰਘ ਵੱਲੋਂ ਸੰਪਾਦਿਤ ਕੀਤਾ ਗਿਆ ਹੈ। ਇਹ ਪੁਸਤਕ ਭਾਈ ਹੀਰਾ ਸਿੰਘ ਰਾਗੀ ਨੂੰ ਸਮਰਪਿਤ ਹੈ। ਜ਼ਿਕਰਯੋਗ ਹੈ ਕਿ ਭਾਈ ਵੀਰ ਸਿੰਘ ਚੇਅਰ ਵੱਲੋਂ ਨਾਦ ਮਿਊਜ਼ਿਕ ਇੰਸਟੀਚਿਊਟ, ਅਮਰੀਕਾ ਦੇ ਸਹਿਯੋਗ ਨਾਲ ਇਹ ਸਬੰਧਤ ਕਾਨਫ਼ਰੰਸ ਮਿਤੀ 22-24 ਅਕਤੂਬਰ 2024 ਨੂੰ ਕਰਵਾਈ ਗਈ ਸੀ।ਪੁਸਤਕ ਰਿਲੀਜ਼ ਸਮਾਰੋਹ ਮੌਕੇ ਭਾਈ ਵੀਰ ਸਿੰਘ ਚੇਅਰ ਦੇ ਇੰਚਾਰਜ ਡਾ.ਜਸਵਿੰਦਰ ਸਿੰਘ, ਨਾਦ ਮਿਊਜ਼ਿਕ ਇੰਸਟੀਚਿਊਟ ਤੋਂ ਡਾ.ਮਨਜੀਤ ਸਿੰਘ, ਪ੍ਰੋ.ਹਰਭਜਨ ਸਿੰਘ ਧਾਰੀਵਾਲ ਅਤੇ ਉਨ੍ਹਾਂ ਦੀ ਖੋਜ ਟੀਮ ਹਾਜ਼ਰ ਰਹੀ।

# ਸੰਘਣੀ ਧੁੰਦ ਕਾਰਨ ਪਨਬੱਸ ਤੇ ਕਾਰ ਵਿਚਾਲੇ ਟੱਕਰ ਕਾਰ ਸਵਾਰ 4 ਦੀ ਮੌਤ, ਇੱਕ ਗੰਭੀਰ ਜ਼ਖਮੀ

## ਕਾਰ ਸਵਾਰ ਆਪਣੇ ਪੁੱਤਰ ਨੂੰ ਵਿਦੇਸ਼ ਜਾਣ ਵਾਸਤੇ ਅੰਮ੍ਰਿਤਸਰ ਏਅਰਪੋਰਟ ਛੱਡਣ ਜਾ ਰਹੇ ਸਨ

"Equality and justice" Patiala 10 January
INTERNATIONAL PAPER, 9463601616
hardipchumber57@gmail.com

ਹੁਸ਼ਿਆਰਪੁਰ, 10 ਜਨਵਰੀ (ਤਰਸੇਮ ਦੀਵਾਨਾ) - ਅੱਜ ਸਵੇਰੇ ਕਰੀਬ 6 ਵਜੇ ਦਸੂਹਾ ਹੁਸ਼ਿਆਰਪੁਰ ਮਾਰਗ 'ਤੇ ਅੱਡਾ ਦੇਸਰਕਾ ਵਿਖੇ ਕਾਰ ਤੇ ਪਨਬੱਸ ਦਰਮਿਆਨ ਹੋਈ ਟੱਕਰ ਵਿਚ ਕਾਰ ਸਵਾਰ 4 ਜਣਿਆਂ ਦੀ ਮੌਤ ਹੋ ਗਈ ਅਤੇ ਇੱਕ ਗੰਭੀਰ ਜ਼ਖਮੀ ਹੋ ਗਿਆ। ਮੌਕੇ 'ਤੇ ਪੁੱਜੀ ਕਸਬਾ ਹਰਿਆਣਾ ਦੀ ਪੁਲੀਸ ਨੇ ਹਾਦਸਾਗ੍ਰਸਤ ਵਾਹਨ ਸੜਕ ਤੋਂ ਹਟਾਂ ਕੇ ਆਵਾਜਾਈ ਬਹਾਲ ਕਰਨ ਉਪਰੰਤ ਮ੍ਰਿਤਕਾਂ ਦੀਆਂ ਲਾਸ਼ਾਂ ਸਿਵਲ ਹਸਪਤਾਲ ਪੁਜਾ ਕੇ ਅਗਲੇਰੀ ਕਾਰਵਾਈ ਅਰੰਭ ਦਿੱਤੀ ਹੈ।

ਜਾਣਕਾਰੀ ਅਨੁਸਾਰ ਕਾਰ ਸਵਾਰ ਹਿਮਾਚਲ ਪ੍ਰਦੇਸ਼ ਦੇ ਕਸਬਾ ਦੌਲਤਪੁਰ ਨਜ਼ਦੀਕ ਪੈਂਦੇ ਪਿੰਡ ਚਲੇਟ ਦਾ ਵਸਨੀਕ ਸੁਖਵਿੰਦਰ ਸਿੰਘ ਆਪਣੇ ਵਿਦੇਸ਼ ਜਾ ਰਹੇ ਪੁੱਤਰ ਅੰਮ੍ਰਿਤ ਕੁਮਾਰ ਨੂੰ ਕਾਰ ਨੰਬਰ ਐਚ ਪੀ 72-6869 'ਤੇ ਅੰਮ੍ਰਿਤਸਰ ਏਅਰਪੋਰਟ ਛੱਡਣ ਜਾ ਰਿਹਾ ਸੀ। ਕਾਰ ਵਿੱਚ ਅੰਮ੍ਰਿਤ ਦੇ ਨਾਲ ਉਸਦੇ 3 ਹੋਰ ਪਰਿਵਾਰਕ ਮੈਂਬਰ ਤੇ ਦੋਸਤ ਵੀ ਸਵਾਰ ਸਨ। ਇਸ ਦੌਰਾਨ ਜਦੋਂ ਇਹ ਕਰੀਬ 6 ਵਜੇ ਅੱਡਾ ਦੇਸਰਕਾ ਕੋਲ ਦਸੂਹਾ ਹੁਸ਼ਿਆਰਪੁਰ ਮਾਰਗ 'ਤੇ ਚੜ੍ਹਨ ਲੱਗੇ ਤਾਂ ਸੰਘਣੀ ਧੁੰਦ ਹੋਣ ਕਾਰਨ ਇਸ ਮਾਰਗ 'ਤੇ ਦਸੂਹਾ ਤੋਂ ਹੁਸ਼ਿਆਰਪੁਰ ਨੂੰ ਜਾ ਰਹੀ ਪਠਾਨਕੋਟ ਡੀਪੂ ਦੀ ਪਨ ਬੱਸ ਨੰਬਰ ਪੀ ਬੀ 06ਬੀ ਬੀ 5365 ਨਾਲ ਇਸ ਦੀ ਟੱਕਰ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਦੇ ਪਰਖਚੇ ਉੱਡ ਗਏ ਅਤੇ ਕਾਰ ਸਵਾਰ ਸੁਖਵਿੰਦਰ ਸਿੰਘ (45) ਪੁੱਤਰ ਹਰਨਾਮ ਸਿੰਘ, ਸੁਸ਼ੀਲ ਕੁਮਾਰ (46) ਪੁੱਤਰ ਦੇਸਰਾਜ, ਬ੍ਰਿਜ ਕੁਮਾਰ (38) ਪੁੱਤਰ ਮਹਿੰਦਰ ਕੁਮਾਰ, ਅਰੁਣ ਕੁਮਾਰ (45) ਪੁੱਤਰ ਗੁਰਪਾਲ ਸਿੰਘ ਸਾਰੇ ਵਾਸੀ ਪਿੰਡ ਚਲੇਟ (ਦੌਲਤਪੁਰ, ਹਿਮਾਚਲ ਪ੍ਰਦੇਸ਼) ਦੀ ਮੌਤ ਹੋ ਗਈ ਜਦੋਂ ਕਿ ਅੰਮ੍ਰਿਤ ਕੁਮਾਰ ਗੰਭੀਰ ਜ਼ਖਮੀ ਹੋ ਗਿਆ, ਜਿਸ ਨੂੰ ਸਿਵਲ ਹਸਪਤਾਲ 'ਚ



ਦਾਖਲ ਕਰਵਾਇਆ ਗਿਆ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਹਰਿਆਣਾ ਦੇ ਐਸਐਚ ਓ ਕਿਰਨ ਸਿੰਘ ਪੁਲਿਸ ਪਾਰਟੀ ਸਮੇਤ ਪਹੁੰਚੇ ਅਤੇ ਜ਼ਖਮੀ ਅੰਮ੍ਰਿਤ ਕੁਮਾਰ ਅਤੇ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਸਿਵਲ ਹਸਪਤਾਲ ਪੁਜਾ ਕੇ ਆਵਾਜਾਈ ਬਹਾਲ ਕਰਵਾਈ ਹੈ। ਹਾਦਸੇ ਦਾ ਕਾਰਨ ਸੰਘਣੀ ਧੁੰਦ ਦਾ ਹੋਣ ਦੱਸਿਆ ਜਾ ਰਿਹਾ ਹੈ, ਜਿਸ ਕਾਰਨ ਸੜਕ 'ਤੇ ਚੜ੍ਹਨ ਲੱਗਿਆਂ ਕਾਰ ਸਵਾਰਾਂ ਨੂੰ ਇਹ ਬੱਸ ਨਜ਼ਰ ਨਹੀਂ ਆਈ।

# ਪਲਾਸਟਿਕ ਡੋਰ ਵੇਚਣ ਵਾਲਿਆਂ ਵਿਰੁੱਧ ਜ਼ਿਲ੍ਹਾ ਪ੍ਰਸ਼ਾਸਨ ਸਖ਼ਤ

## ਪੀ.ਪੀ.ਸੀ.ਬੀ ਤੇ ਸੰਗਰੂਰ ਪੁਲਿਸ ਵੱਲੋਂ ਪਲਾਸਟਿਕ ਡੋਰ ਵੇਚਣ ਵਾਲੇ ਵਿਰੁੱਧ ਪਰਚਾ ਦਰਜ, ਪਲਾਸਟਿਕ ਡੋਰ ਵੇਚਣ ਵਾਲਿਆਂ ਵਿਰੁੱਧ ਹੋਵੇਗੀ ਸਖਤ ਕਾਰਵਾਈ : ਐਕਸੀਅਨ

"Equality and justice" Patiala 10 January
INTERNATIONAL PAPER, 9463601616
hardipchumber57@gmail.com




ਸੰਗਰੂਰ, 10 ਜਨਵਰੀ (ਜਗਸੀਰ ਸਿੰਘ)- ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਅਤੇ ਸੰਗਰੂਰ ਪੁਲਿਸ ਦੀ ਸਾਂਝੀ ਟੀਮ ਵੱਲੋਂ ਚਲਾਈ ਗਈ ਮੁਹਿੰਮ ਦੌਰਾਨ ਪਲਾਸਟਿਕ (ਚਾਈਨਾ) ਡੋਰ ਵੇਚਣ ਵਾਲੇ ਇੱਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਐਕਸੀਅਨ ਸ਼੍ਰੀ ਰੋਹਿਤ ਸਿੰਗਲਾ ਨੇ ਦੱਸਿਆ ਕਿ ਬੋਰਡ ਵੱਲੋਂ ਸੰਗਰੂਰ ਜ਼ਿਲ੍ਹੇ ਵਿੱਚ ਪਾਬੰਦੀਸ਼ੁਦਾ ਚਾਈਨਾ ਡੋਰ ਦਾ ਭੰਡਾਰ ਕਰਨ, ਸਪਲਾਈ ਕਰਨ ਅਤੇ ਵੇਚਣ ਵਾਲਿਆਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਐਸ.ਡੀ.ਓ ਸ਼੍ਰੀ ਗੁਰਮੇਹਰ ਸਿੰਘ ਅਤੇ ਜੇ.ਈ. ਸ਼੍ਰੀ ਰੁਪਿੰਦਰ ਸਿੰਘ ਵੱਲੋਂ ਸੰਗਰੂਰ ਪੁਲਿਸ ਨਾਲ ਮਿਲ ਕੇ ਪਲਾਸਟਿਕ ਡੋਰ ਵੇਚਣ ਵਾਲੇ ਇੱਕ ਵਿਅਕਤੀ ਖਿਲਾਫ ਐਫ.ਆਈ.ਆਰ ਦਰਜ ਕਰਵਾਈ ਗਈ ਹੈ। ਨਾਲ ਹੀ ਚਾਈਨਾ ਡੋਰ ਦੀ ਸਪਲਾਈ, ਵੇਚ ਜਾਂ ਵਰਤੋਂ ਨਾਲ ਜੁੜੇ ਹੋਰ ਵਿਅਕਤੀਆਂ ਦੀ ਪਛਾਣ ਲਈ ਜਾਂਚ ਵੀ ਜਾਰੀ ਹੈ।

ਐਕਸੀਅਨ ਸ਼੍ਰੀ ਰੋਹਿਤ ਸਿੰਗਲਾ ਨੇ ਸਪਸ਼ਟ ਕੀਤਾ ਕਿ ਆਉਣ ਵਾਲੇ ਦਿਨਾਂ ਵਿੱਚ ਡੋਰ ਵੇਚਣ ਵਾਲੀਆਂ ਦੁਕਾਨਾਂ ਦੀ ਨਿਯਮਤ ਚੈਕਿੰਗ ਕੀਤੀ ਜਾਵੇਗੀ ਅਤੇ ਪਲਾਸਟਿਕ/ ਨਾਈਲਨ/ਸਿੰਥੈਟਿਕ ਡੋਰ ਵੇਚਣ ਜਾਂ ਸਟੋਰ ਕਰਨ ਵਾਲਿਆਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਸੰਗਰੂਰ ਵੱਲੋਂ ਆਮ ਲੋਕਾਂ ਨੂੰ ਪਤੰਗ ਉਡਾਉਣ ਦੌਰਾਨ ਪਾਬੰਦੀਸ਼ੁਦਾ ਚਾਈਨਾ ਡੋਰ, ਨਾਈਲਨ ਜਾਂ ਸਿੰਥੈਟਿਕ ਧਾਗੇ ਦੀ ਵਰਤੋਂ ਨਾ ਕਰਨ ਸਬੰਧੀ ਇੱਕ ਜਨਤਕ ਨੋਟਿਸ ਵੀ ਜਾਰੀ ਕੀਤਾ ਗਿਆ ਹੈ। ਨੋਟਿਸ ਅਨੁਸਾਰ ਜੇਕਰ ਕੋਈ ਵਿਅਕਤੀ ਚਾਈਨਾ ਡੋਰ ਦੀ ਵਰਤੋਂ, ਭੰਡਾਰਨ, ਸਪਲਾਈ, ਆਯਾਤ ਜਾਂ ਵਿਕਰੀ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਰਿਜ਼ਕ ਦੀ ਰਾਖੀ ਲਈ 26 ਜਨਵਰੀ ਨੂੰ ਪਟਿਆਲਾ ਵਿਖੇ ਮਨਰੇਗਾ ਕਾਮਿਆਂ ਦਾ ਵਿਸ਼ਾਲ ਇਕੱਠ: ਡੀਐਮਐਫ

"Equality and justice" Patiala 10 January
INTERNATIONAL PAPER, 9463601616
hardipchumber57@gmail.com



10 ਜਨਵਰੀ (ਪਟਿਆਲਾ) ਡੈਮੋਕਰੇਟਿਕ ਮਨਰੇਗਾ ਫਰੰਟ ਪੰਜਾਬ ਦੇ ਪਟਿਆਲਾ ਜ਼ਿਲ੍ਹੇ ਦੇ ਵੱਖ ਵੱਖ ਬਲਾਕਾਂ ਦੇ ਆਗੂਆਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਕੌਰ ਰਾਮਗੜ੍ਹ ਦੀ ਅਗਵਾਈ ਵਿੱਚ ਦੁਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਨਵੇਂ ਕਾਨੂੰਨ ਵਿੱਚ 100 ਦਿਨ ਤੋਂ 125 ਦਿਨ ਦਾ ਵਾਧਾ ਕਰਨ ਲਈ ਮਨਰੇਗਾ ਕਾਨੂੰਨ ਰੱਦ ਕਰਨ ਦੀ ਕੋਈ ਲੋੜ ਨਹੀਂ ਸੀ। ਨਵੇਂ ਕਾਨੂੰਨ ਵਿੱਚ ਲੋਕ ਅਧਿਕਾਰਾਂ ਨੂੰ ਬਿਲਕੁਲ ਖੋਖਲਾ ਕਰਨ ਦੀ ਕੇਂਦਰ ਸਰਕਾਰ ਦੀ ਕੋਝੀ ਚਾਲ ਲੋਕ ਸਮਝ ਰਹੇ ਹਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਫਰੰਟ ਦੇ ਸੂਬਾ ਆਗੂ ਸੁਨੀਤਾ ਰਾਣੀ ਕੈਦੂਪੁਰ, ਗੁਰਮੀਤ ਸਿੰਘ ਥੂਹੀ ਨੇ ਕਿਹਾ ਕਿ ਮਨਰੇਗਾ ਕਾਨੂੰਨ ਵਿੱਚ ਹੀ ਦਿਨ ਵਧਾਏ ਜਾ ਸਕਦੇ ਸੀ। ਸਾਰਾ ਕਾਨੂੰਨ ਰੱਦ ਕਰਕੇ ਵੀ ਬੀ ਜੀ ਰਾਮ ਜੀ ਕਾਨੂੰਨ ਬਣਾਉਣ ਪਿੱਛੇ ਸਰਕਾਰ ਦੀ ਚਾਲ ਇਹ ਹੈ ਕਿ ਉਹ ਦੇਸ਼ ਵਿੱਚ ਇੱਕ ਵੱਡਾ ਵਿੱਤੀ ਪਾੜਾ ਖੜ੍ਹਾ ਕਰਨਾ ਚਾਹੁੰਦੀ ਹੈ ਤਾਂ ਕਿ ਵੱਡੀ ਆਬਾਦੀ ਇੱਕ ਛੋਟੀ ਗਿਣਤੀ ਕਾਰਪੋਰੇਟ ਦੀ ਗੁਲਾਮ ਬਣ ਕੇ ਰਹੇ।ਉਹਨਾਂ ਕਿਹਾ ਕਿ ਮੰਗ ਆਧਾਰਤ ਕਾਨੂੰਨੀ ਹੱਕ ਨੂੰ ਖਤਮ ਕਰਕੇ ਪੇਂਡੂ ਮਜ਼ਦੂਰ ਪਰਿਵਾਰਾਂ ਦਾ ਰਿਜ਼ਕ ਖੋਹਿਆ ਹੈ। ਰੁਜ਼ਗਾਰ ਨੂੰ ਕੇਂਦਰ ਵੱਲੋਂ ਨਿਰਧਾਰਤ ਫੰਡ ਉੱਪਰ ਨਿਰਭਰ ਕਰ ਦਿੱਤਾ ਹੈ ਤੇ ਬਾਕੀ ਸਾਰੀ ਜਿੰਮੇਵਾਰੀ ਸੂਬਿਆਂ ਉੱਪਰ ਪਾਈ ਗਈ ਹੈ ਜਦੋਂ ਕਿ ਜੀਐਸਟੀ, ਆਮਦਨ ਕਰ, ਕਾਰਪੋਰੇਟ ਟੈਕਸ ਆਦਿ ਸਭ ਕੇਂਦਰ ਇਕੱਠਾ ਕਰਦੀ ਹੈ ਮਤਲਬ ਕਿ ਆਮਦਨ ਸਾਰੀ ਕੇਂਦਰ ਦੀ ਤੇ ਖਰਚਾ ਸੂਬੇ ਦਾ। ਨਵੇਂ ਕਾਨੂੰਨ ਮੁਤਾਬਕ ਜੀ ਰਾਮ ਜੀ ਦਾ ਹਾਲ ਕੇਂਦਰ ਦੀ ਆਯੂਸ਼ਮਾਨ ਸਕੀਮ ਵਰਗਾ ਹੋਵੇਗਾ ਜਿਸ ਵਿੱਚ ਮਸ਼ਹੂਰੀਆਂ 'ਚ ਐਲਾਨ ਕਰਨ ਖਾਤਰ ਤਾਂ ਹਰ ਇੱਕ ਦਾ ਬੀਮਾ ਹੈ ਪਰ ਕੇਂਦਰ ਵੱਲੋਂ ਨਿਰਧਾਰਤ ਫੰਡ ਮੁੱਕਣ ਮਗਰੋਂ ਇਲਾਜ ਦੀ ਗਰੰਟੀ ਮਸ਼ਹੂਰੀ ਤੱਕ ਹੀ ਰਹਿ ਜਾਂਦੀ ਹੈ ਲੋਕਾਂ ਨੂੰ ਮਿਲਦੀ ਨਹੀਂ। ਉਹਨਾਂ ਕਿਹਾ ਕਿ 26 ਜਨਵਰੀ ਦਿਨ ਸੋਮਵਾਰ ਅਨਾਜ ਮੰਡੀ ਸਰਹੰਦ ਰੋਡ ਪਟਿਆਲਾ ਵਿਖੇ ਸੂਬਾ ਪੱਧਰੀ ਵਿਸ਼ਾਲ ਇਕੱਠ ਕੀਤਾ ਜਾ ਰਿਹਾ ਹੈ ਜਿਸ ਦੀ ਤਿਆਰੀ ਸਬੰਧੀ ਅੱਜ ਮੀਟਿੰਗ ਕੀਤੀ ਗਈ ਅਤੇ ਪਿੰਡਾਂ ਵਿੱਚ ਲਾਮਬੰਦੀ ਕਰਨ ਲਈ ਬਲਾਕ ਆਗੂਆਂ ਦੀ ਡਿਊਟੀ ਤੈਅ ਕੀਤੀ ਗਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਕੌਰ ਰੋਹਟੀ ਖਾਸ, ਗੁਰਮੀਤ ਕੌਰ ਗੋਪਾਲਪੁਰ, ਸਰਬਜੀਤ ਕੌਰ ਭੁੰਨਰਹੇੜੀ, ਸਵਰਨਜੀਤ ਕੌਰ ਪੰਜੋਲਾ, ਚਰਨਜੀਤ ਕੌਰ ਲੰਗ, ਹਰਦੀਪ ਕੌਰ ਬਹਾਲ ਆਦਿ ਨੇ ਸਮੂਲੀਅਤ ਕੀਤੀ।

# ਠੰਡ ਵਿੱਚ ਨਿਭਾਓ ਇਨਸਾਨੀਅਤ ਦਾ ਫਰਜ਼

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 10 ਜਨਵਰੀ
INTERNATIONAL PAPER, 9463601616
hardipchumber57@gmail.com

ਅੰਗਰੇਜ ਸਿੰਘ ਵਿੱਕੀ,
ਪਿੰਡ ਤੇ ਡਾਕ. ਕੋਟਗੁਰੂ
(ਬਠਿੰਡਾ),
ਮੋਬਾ98888 70822,

ਠੰਡ ਦਾ ਮੌਸਮ ਇਸ ਸਮੇਂ ਆਪਣੀ ਜੋਬਨ ਰੁੱਤੇ ਹੈ। ਅੱਤਾਂ ਦੀ ਪੈ ਰਹੀ ਠੰਡ ਨੇ ਹਰ ਕਿਸੇ ਦਾ ਜਿਊਣਾ ਮੁਸ਼ਕਿਲ ਕੀਤਾ ਹੋਇਆ ਹੈ। ਲੋਕ ਮਜ਼ਬੂਰੀ ਵੱਸ ਘਰਾਂ ਵਿੱਚ ਹੀ ਸਿਮਟ ਕੇ ਰਹਿ ਗਏ ਹਨ। ਪ੍ਰੰਤੂ ਮਜ਼ਬੂਰੀ ਵੱਸ ਗ਼ਰੀਬ ਲੋਕਾਂ ਨੂੰ ਨਿੱਤ ਦਿਨ ਆਪਣੇ ਘਰ ਦਾ ਗੁਜ਼ਾਰਾ ਚਲਾਉਣ ਲਈ ਅੱਤਾਂ ਦੀ ਠੰਡ ਵਿੱਚ ਘਰੋਂ ਬਾਹਰ ਕੰਮ ਦੇ ਜਾਣਾ ਪੈਂਦਾ ਹੈ। ਇਸ ਤੋਂ ਇਲਾਵਾ ਖੁੱਲ੍ਹੇਆਮ ਫ਼ਿਰਦੇ ਪਸ਼ੂ ਵੀ ਜਿਆਦਾ ਠੰਡ ਦੀ ਲਪੇਟ ਵਿੱਚ ਆ ਰਹੇ ਹਨ। ਬੱਚਿਆਂ ਅਤੇ ਬਜ਼ੁਰਗਾਂ ਨੂੰ ਵੀ ਠੰਡ ਬਹੁਤ ਜਿਆਦਾ ਪ੍ਰਭਾਵਿਤ ਕਰ ਰਹੀਂ ਹੈ। ਗ਼ਰੀਬ ਲੋਕਾਂ ਲਈ ਰਾਸ਼ਨ ਆਦਿ ਮੁਹਈਆ ਕਰਵਾਇਆ ਜਾਵੇਂ, ਪਸ਼ੂਆਂ ਲਈ ਹਰੇ ਚਾਰੇ ਦਾ ਪ੍ਰਬੰਧ ਕੀਤਾ ਜਾਵੇ, ਬਜ਼ੁਰਗਾਂ ਅਤੇ ਬੱਚਿਆਂ ਦੀ ਵੀ ਹਰ ਪੱਖੋਂ ਮਦਦ ਕੀਤੀ ਜਾਵੇਂ।ਸੋ, ਸਾਨੂੰ ਸਭ ਨੂੰ ਮਿਲ ਕੇ ਕਿਰਤੀ ਲੋਕਾਂ, ਬੱਚਿਆਂ, ਬਜ਼ੁਰਗਾਂ ਅਤੇ ਖੁੱਲ੍ਹੇਆਮ ਫ਼ਿਰਦੇ ਪਸ਼ੂਆਂ ਨੂੰ ਠੰਡ ਤੋਂ ਬਚਾਉਣ ਲਈ ਵੱਧ ਤੋਂ ਵੱਧ ਉਪਰਾਲੇ ਕਰਨੇ ਚਾਹੀਦੇ ਹਨ। ਇਸ ਵਿੱਚ ਹੀ ਅਸਲ ਇਨਸਾਨੀਅਤ ਦਾ ਸੱਚਾ ਪ੍ਰਮਾਣ ਹੈ। ਸਰਕਾਰ ਨੂੰ ਵੀ ਇਸ ਪਾਸੇ ਧਿਆਨ ਦਿੰਦੇ ਹੋਏ ਲੋੜਵੰਦ ਲੋਕਾਂ ਲਈ ਉਚੇਚੇ ਪ੍ਰਬੰਧ ਕਰਨੇ ਚਾਹੀਦੇ ਹਨ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 10 ਜਨਵਰੀ
INTERNATIONAL PAPER, 94636 01616
hardipchumber57@gmail.com

# ਬਜ਼ੁਰਗਾਂ ਦਾ ਸਤਿਕਾਰ

ਹਰਵਿੰਦਰ ਕੌਰ ਬਰਨ ਧਨੌਲਾ ਲੈਕਚਰਾਰ ਕਾਮਰਸ
9914121926
ਈਮੇਲ :harvinderk668@gmail.com

## ਮਾਪੇ ਆਪਣੇ ਬੱਚਿਆ ਦੇ ਸਾਹਮਣੇ ਮਾਤਾ ਪਿਤਾ ਅਤੇ ਵੱਡੇ ਬਜ਼ੁਰਗਾ ਨਾਲ ਆਦਰ ਸਤਿਕਾਰ ਨਾਲ ਪੇਸ਼ ਆਉਣ ।ਕਿਉਕਿ ਬੱਚੇ ਵੇਖ ਵੇਖ ਜਿਆਦਾ ਸਿੱਖਦੇ ਹਨ

ਅੱਜ ਦੇ ਸਮੇ ਵਿੱਚ ਵਿਗਿਆਨ ਨੇ ਇੰਨੀ ਤਰੱਕੀ ਕਰ ਲਈ ਕਿ ਹਰ ਇੱਕ ਪ੍ਰਾਣੀ ਨੂੰ ਇਸ ਨੇ ਪੂਰੀ ਤਰਾ ਪ੍ਰਭਾਵਿਤ ਕੀਤਾ ਹੈ ।ਹਰ ਉਮਰ ਦੇ ਵਿਅਕਤੀ ਲਈ ਵਿਗਿਆਨ ਦੀਆ ਕਾਢਾ ਬਾਰੇ ਜਾਣਨਾ ਸਮੇ ਦੀ ਮੁੱਖ ਲੋੜ੍ਹ ਹੈ ।ਇਸ ਦੀ ਸਹੀ ਵਰਤੋ ਅਤੇ ਸਹੀ ਟਰੇਨਿੰਗ ਅਤਿ ਜਰੂਰੀ ਹੈ। ਵਿਗਿਆਨ ਨੇ ਸਮੇ ਸਮੇ ਦੌਰਾਨ ਨਵੀਆ ਕਾਢਾ ਸਿਰਜੀਆ ਅਤੇ ਕਈਆ ਨੂੰ ਨਵਾ ਰੂਪ ਵੀ ਦਿੱਤਾ ਗਿਆ ।ਬਿਜਲੀ ਦੀ ਕਾਢ ,ਸੂਰਜੀ ਊਰਜਾ ਨਾਲ ਚੱਲਣ ਵਾਲੇ ਉਪਕਰਣ, ਲੱਕੜ੍ਹ ਵਾਲੇ ਪਹੀਏ ਤੋ ਰਬੜ੍ਹ ਦੇ ਟਾਇਰ ,ਬਲੈਕ ਐਡ ਵਾਈਟ ਟੀ ਵੀ ਤੋ ਬਾਦ ਕਲਰਡ ਟੀ ਵੀ ਆਏ ਬੱਲਬਾਂ ਤੋ ਬਾਦ ਐਲ.ਈ.ਡੀ. ਲਾਈਟਾ ਵੀ ਆਈਆ। ਇਸ ਸੰਚਾਰ ਮਾਧਿਆਮ ਵਿੱਚ ਲੈਡ ਲਾਈਨ ਟੈਲੀਫੋਨ ਤੋ ਬਾਦ ਮੋਬਾਈਲ ਫੋਨ ਵੀ ਆਏ। ਅੱਜ ਦੇ ਸਮੇ ਵਿੱਚ ਤਕਰੀਬਨ ਬੱਚਾ ਜਵਾਨ ਸਿਆਣਾ ਅਤੇ ਬਜੁਰਗ ਮੋਬਾਈਲ ਦੀ ਵਰਤੋ ਕਰਨ ਲਈ ਤੱਤਪਰ ਰਹਿੰਦਾ ਹੈ ।ਇਸ ਦੀ ਸੁਚੱਜੀ ਵਰਤੋ ਹਰ ਵਰਗ ਲਈ ਲਾਭਦਾਇਕ ਹੈ ।ਇਸਦਾ ਸਮਾ ਨਿਸਚਿਤ ਹੋਣ ਨਾਲ ਇਸ ਦੀ ਸਾਰਥਿਕਤਾ ਹੋਰ ਵੱਧ ਜਾਦੀ ਹੈ। ਜਿਆਦਾ ਸਮਾ ਮੋਬਾਈਲ ਦੇਖਣ ਨਾਲ ਅੱਖਾ ਉੱਪਰ ਅਸਰ ਪੈਦਾ ਹੈ। ਜਿਆਦਾ ਮਹਿੰਗੇ ਆਈ ਫੋਨ ਅੱਖਾ ਦੀ ਰੋਸਨੀ ਨੂੰ ਘੱਟ ਪ੍ਰਭਾਵਿਤ ਕਰਦੇ ਹਨ ।ਸਾਝੀਆ ਥਾਵਾ ਉੱਪਰ ਜਿਵੇ ਰੇਲਵੇ ਸਟੇਸਨ ਬੱਸ ਸਟੈਡ ਆਦਿ ਉੱਪਰ ਜਿਆਦਾ ਗਿਣਤੀ ਵਿੱਚ ਹਰ ਵਿਅਕਤੀ ਮੋਬਾਈਲ ਸਕਰੀਨ ਉੱਪਰ ਲੱਗਿਆ ਦਿਖਾਈ ਦਿੰਦਾ ਹੈ।

ਮੀਹ ਤੋ ਬਾਦ ਧੁੱਪ ਰਾਹੀ ਅਸਮਾਨ ਵਿੱਚ ਹਰ ਇੱਕ ਦਾ ਧਿਆਨ ਖਿੱਚਦੀ ,ਸਾਰਿਆ ਨੂੰ ਦਿੱਸਦੀ ਸਤਰੰਗੀ ਪੀਘ ਵਾਗ ਰਿਸ਼ਤਿਆ ਦੇ ਆਪਣੇ ਕਈ ਕਈ ਰੰਗ ਹੁੰਦੇ ਹਨ ।ਇਹਨਾ ਰਿਸ਼ਤਿਆ ਦਾ ਤਾਲਮੇਲ ਹੀ ਨਰੋਏ ਸਮਾਜ ਦਾ ਅਸਲੀ ਰੂਪ ਸਿਰਜਦਾ ਹੈ। ਬਜੁਰਗ ਬੋਹੜ੍ਹ ਦੇ ਦਰੱਖਤ ਵਾਗ ਸਾਡੀ ਸੁਰੱਖਿਆ ਕਰਦੇ ਅਤੇ ਛਾ ਦਿੰਦੇ ਹਨ ।ਬਜੁਰਗ ਸਬਦ ਦੇ ਗੁਣ ਅਨੇਕ,ਵੱਡੇ ਅਤੇ ਸਕਤੀਸ਼ਾਲੀ ਹੁੰਦੇ ਹਨ ।ਬਜੁਰਗ ਇੱਕਲਾ ਸਿਰਫ ਉਮਰ ਦਾ ਸਾਲਾਂ ਪੱਖੋ ਵੱਡਾ ਨਹੀ ਸਗੋ ਇੱਕ ਸੂਝਵਾਨ ਸਿਆਣਾ ਅਤੇ ਤਜਰਬੇਕਾਰ ਵਿਅਕਤੀ ਬਜੁਰਗ ਅਖਵਾਉਦਾ ਹੈ ।ਵੱਡੇ ਪਰਿਵਾਰ ਦੀਆ ਪਿੰਡਾ ਵਿੱਚ ਸੱਥਾ ਵਿੱਚ ਆਮ ਲੋਕ ਉਦਾਰਹਨਾਂ ਦਿੰਦੇ ਸਨ। ਬਜੁਰਗਾ ਨਾਲ ਬੱਚਿਆ ਦਾ ਰਹਿਣਾ ਆਪਣੇ ਆਪ ਵਿੱਚ ਸਿਖਲਾਈ ਪ੍ਰੋਗਰਾਮ ਟਰੇਨਿੰਗ ਪ੍ਰੋਗਰਾਮ ਵਾਗ ਹੁੰਦਾ ਹੈ। ਬਜੁਰਗਾ ਵੱਲੋ ਦਿੱਤੀ ਅਸ਼ੀਰਵਾਦ ਬੱਚਿਆ ਨੂੰ ਉੱਚੇ ਅਹੁੱਦਿਆ ਤੱਕ ਲਿਜਾਣ , ਵਧੇਰੇ ਪੜ੍ਹਨ ਲਈ ,ਸਮਾਜ ਵਿੱਚ ਵਿਲੱਖਣ ਕਾਰਨ ਕਰਨ ਲਈ ਸਹਾਈ ਹੁੰਦੀ ਹੈ ।ਇੱਕ ਵਾਰ ਚਾਰ ਭਰਾ ਸਨ ਭਰਾਵਾ ਦੇ ਨਾ ਬਲਵੰਤ ਸਿੰਘ ਜਗਮੇਲ ਸਿੰਘ ਰਾਮ ਸਿੰਘ ਹਰਦੇਵ ਸਿੰਘ ਸਨ। ਉਹਨਾ ਸਾਰਿਆ ਨੂੰ ਜਾਇਦਾਦ ਵੰਡ ਦਿੱਤੀ ਗਈ। ਅਧਿਆਪਕ ਭਰਾ ਨੂੰ ਥੋੜਾ ਜਿਹਾ ਜਾਇਦਾਦ ,ਸਾਮਾਨ ਵਿੱਚੋ ਘੱਟ ਦਿੱਤਾ। ਪਰਿਵਾਰ ਦੇ ਮੋਢੀ ਬਜੁਰਗ ਇੰਦਰ ਸਿੰਘ ਜੋ ਜਾਇਦਾਦ ਨੂੰ ਵੰਡਦਾ ਸੀ ਉਸ ਬਜੁਰਗ ਨੇ ਕਿਹਾ ਕਿ ਤੇਰੇ ਬੱਚੇ ਔਲਾਦ ਬਹੁਤ ਤਰੱਕੀ ਕਰੇਗੀ ।ਪੜ੍ਹਾਈ ਕਰਨਗੇ ਅਤੇ ਉੱਚ ਅਹੁਦਿਆ ਉੱਪਰ ਬਿਰਾਜਮਾਨ ਹੋਣਗੇ ।ਉਸ ਅਧਿਆਪਕ ਭਰਾ ਨੇ ਕਿਹਾ ਕਿ ਬਜੁਰਗਾ ਦੀ ਅਸ਼ੀਰਵਾਦ ਦੀ ਕੀਮਤ ਕਿਸੇ ਪ੍ਰਾਪਰਟੀ ਸਾਮਾਨ ਹੀ ਕੀਮਤ ਤੋ ਬਹੁਤ ਜਿਆਦਾ ਹੁੰਦੀ ਹੈ।




